TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸੋਮਵਾਰ, 28 ਅਪ੍ਰੈਲ 2025
Email:- lokbani08@gmail.com


ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

R. N. I. Punpun/29016/2008 ✶ ਸਾਲ 16 , ✶ ਅੰਕ : 288 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਲਗਜ਼ਰੀ ਕਾਰਾਂ ਚੋਰੀ ਕਰਨ ਵਾਲੇ ਗਰੋਹ ਦਾ ਇਕ ਮੈਂਬਰ ਗ੍ਰਿ੍ਫ਼ਤਾਰ, ਦੂਜੇ ਦੀ ਭਾਲ ਜਾਰੀ


ਵੈਨਕੂਵਰ, ਲੋਕ ਬਾਣੀ- ਪੀਲ ਪੁਲੀਸ ਨੇ ਲੱਖਾਂ ਡਾਲਰ (ਕਰੋੜਾਂ ਰੁਪਏ) ਕੀਮਤ ਵਾਲੀਆਂ ਲਗਜ਼ਰੀ ਕਾਰਾਂ ਚੋਰੀ ਕਰਕੇ ਹੋਰਨਾਂ ਮੁਲਕਾਂ ਵਿਚ ਭੇਜਣ ਵਾਲੇ ਗਰੋਹ ਦੇ ਇਕ ਮੈਂਬਰ ਨੂੰ ਗ੍ਰਿਫ਼ਤਾਰ ਕੀਤਾ ਹੈ ਜਦੋਂਕਿ ਦੂਜੇ ਸਾਥੀ ਦੀ ਭਾਲ ਲਈ ਪੁਲੀਸ ਨੇ ਉਸ ਦੀ ਫੋਟੋ ਜਾਰੀ ਕਰਕੇ ਲੋਕਾਂ ਤੋਂ ਸਹਿਯੋਗ ਮੰਗਿਆ ਹੈ ।ਲ ਪੁਲੀਸ ਨੇ ਇਕ ਪ੍ਰੈਸ ਨੋਟ ਰਾਹੀਂ ਦੱਸਿਆ ਕਿ ਬਰੈਂਪਟਨ ਦੇ ਰਹਿਣ ਵਾਲੇ ਚਰਮੀਤ ਮਠਾਰੂ (29) ਅਤੇ



ਨਿਖਿਲ ਸਿੱਧੂ (26) 4 ਨਵੰਬਰ 2023 ਨੂੰ ਲਗਜ਼ਰੀ ਕਾਰਾਂ ਕਿਰਾਏ 'ਤੇ ਦੇਣ ਵਾਲੇ ਸ਼ੋਅ ਰੂਮ ਦੀ ਤੋੜ ਭੰਨ ਕਰਕੇ ਅੰਦਰ ਗਏ ਤੇ ਉੱਥੇ ਪਈਆਂ ਦਰਜਨਾਂ ਚਾਬੀਆਂ ਕਬਜ਼ੇ ਵਿੱਚ ਲੈ ਲਈਆਂ।

## ਕੈਨੇਡਾ ਦੀ 45ਵੀਂ ਲੋਕ ਸਭਾ ਲਈ ਸੋਮਵਾਰ ਨੂੰ ਪੈਣਗੀਆਂ ਵੋਟਾਂ, ਲਿਬਰਲਜ਼ ਤੇ ਕੰਜ਼ਰਵੇਟਿਵਾਂ ਵਿਚਾਲੇ ਫਸਵੀਂ ਟੱਕਰ ਦੇ ਆਸਾਰ

ਵੈਨਕੂਵਰ, ਲੋਕ ਬਾਣੀ-ਕੈਨੇਡਾ ਦੀ 45ਵੀਂ ਲੋਕ ਸਭਾ ਲਈ ਸੋਮਵਾਰ ਨੂੰ ਵੋਟਾਂ ਪੈਣਗੀਆਂ। ਵੋਟਿੰਗ ਖ਼ਤਮ ਹੋਣ ਤੋਂ ਫੌਰੀ ਮਗਰੋਂ ਗਿਣਤੀ ਸ਼ੁਰੂ ਹੋ ਜਾਏਗੀ ਤੇ ਕੁਝ ਘੰਟਿਆਂ ਅੰਦਰ ਕਾਫੀ ਨਤੀਜਿਆਂ ਦਾ ਐਲਾਨ ਹੋ ਜਾਏਗਾ। 29 ਅਪਰੈਲ ਦਾ ਸੂਰਜ ਨਵੀਂ ਸਰਕਾਰ ਦੇ ਨਕਸ਼ਾਂ ਦੇ ਉਭਾਰ ਲੈ ਕੇ ਕੈਨੇਡਿਆਈ ਲੋਕਾਂ ਦੀਆਂ ਬੂਹਾਂ ਉੱਤੇ ਦਸਤਕ ਦੇਵੇਗਾ ਆਪਣੇ ਮਨਾਂ ਵਿੱਚ ਚੰਗੀ ਸਰਕਾਰ ਦੀ ਉਮੀਦ ਦਾ ਦੀਵਾ ਜਗਾ ਚੁੱਕੇ ਵੋਟਰ ਸਵੇਰੇ 9 ਵਜੇ ਤੋਂ ਰਾਤ 9



ਵਜੇ ਤੱਕ ਆਪਣੀ ਫੁਰਸਤ ਅਨੁਸਾਰ ਆਪਣੇ ਘਰਾਂ ਨੇੜਲੇ ਵੋਟ ਕੇਂਦਰਾਂ 'ਤੇ ਜਾ ਕੇ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨਗੇ। ਬੇਸ਼ੱਕ ਚੋਣ ਅਖਾੜੇ ਦੇ ਸ਼ੁਰੂਆਤੀ ਦਿਨਾਂ ਤੋਂ ਹੀ ਸਰਵੇਖਣ ਏਜੰਸੀਆਂ ਸਰਗਰਮ ਸਨ,

## ਵੈਨਕੂਵਰ 'ਚ ਮੇਲਾ ਮਨਾਉਂਦੀ ਭੀੜ ਨੂੰ ਵਾਹਨ ਨੇ ਕੁਚਲਿਆ, 9 ਮੌਤਾਂ ਤੇ ਦਰਜਨਾਂ ਜ਼ਖ਼ਮੀ

ਵੈਨਕੂਵਰ, ਲੋਕ ਬਾਣੀ ਇਥੇ ਵੱਸਦੇ ਫਿਲੀਪੀਨੇ ਭਾਈਚਾਰੇ ਵਲੋਂ ਅੱਜ ਮਨਾਏ ਜਾ ਰਹੇ ਰਵਾਇਤੀ ਮੇਲੇ ਮੌਕੇ ਇਕੱਤਰ ਸੈਂਕੜੇ ਲੋਕਾਂ ਦੀ ਭੀੜ ਨੂੰ ਇੱਕ ਵਾਹਨ ਨੇ ਟੱਕਰ ਮਾਰੀ ਤੇ ਦੂਰ ਤੱਕ ਕੁਚਲਦਾ ਗਿਆ। ਇਸ ਹਾਦਸੇ ਵਿਚ 9 ਲੋਕਾਂ ਦੀ ਮੌਤ ਹੋ ਗਈ ਤੇ ਦਰਜਨਾਂ ਜ਼ਖ਼ਮੀ ਦੱਸੇ ਜਾਂਦੇ ਹਨ। ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ, ਬ੍ਰਿਟਿਸ਼ ਕੋਲੰਬੀਆ ਦੇ ਮੁੱਖ ਮੰਤਰੀ ਡੇਵਿਡ ਐਬੀ ਅਤੇ ਸ਼ਹਿਰ ਦੇ ਮੇਅਰ ਕੈਨ ਸਿਮ ਨੇ ਇਸ ਮੰਦਭਾਗੀ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਹੈ। ਘਟਨਾ



ਤੋਂ ਬਾਅਦ ਪੁਲੀਸ ਤੇ ਬਚਾਅ ਦਲ ਨੇ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ। ਦੱਸਿਆ ਗਿਆ ਹੈ ਕਿ ਘਟਨਾ ਤੋਂ ਦੋ ਘੰਟੇ ਬਾਅਦ ਤੱਕ ਵੀ ਸਾਰੇ ਜ਼ਖ਼ਮੀਆਂ ਨੂੰ ਹਸਪਤਾਲ ਨਹੀਂ ਸੀ ਪਹੁੰਚਾਇਆ ਜਾ ਸਕਿਆ ਤੇ ਨਾ ਹੀ ਮਾਰੇ ਗਏ ਲੋਕਾਂ ਦੀ ਗਿਣਤੀ ਹੋ ਸਕੀ ਸੀ।

## ਮੰਡੀ ਅਰਨੀਵਾਲਾ ਮਾਰਕੀਟ ਕਮੇਟੀ ਸੁਪਰਵਾਈਜ਼ਰ ਨਾਲ ਕੁੱਟਮਾਰ, ਆਪ ਦੇ ਚੇਅਰਮੈਨ 'ਤੇ ਲੱਗੇ ਕੁੱਟਮਾਰ ਦੇ ਇਲਜ਼ਾਮ

ਫ਼ਾਜ਼ਿਲਕਾ, ਲੋਕ ਬਾਣੀ--ਫ਼ਾਜ਼ਿਲਕਾ ਜ਼ਿਲ੍ਹੇ ਦੀ ਮੰਡੀ ਅਰਨੀਵਾਲਾ ਮਾਰਕੀਟ ਕਮੇਟੀ ਮੰਡੀ ਸੁਪਰਵਾਈਜ਼ਰ ਨਾਲ ਕੁੱਟਮਾਰ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਿਸ ਨੂੰ ਲੈ ਕੇ ਸੁਪਰਵਾਈਜ਼ਰ ਨੂੰ ਫ਼ਾਜ਼ਿਲਕਾ ਜ਼ਿਲ੍ਹਾ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ ਅਤੇ ਇਸ ਦੀ ਸੂਚਨਾ ਪੁਲਿਸ ਨੂੰ ਭੇਜੀ ਗਈ ਹੈ। ਪੁਲਿਸ ਨੇ ਜਾਂਚ ਕਰਕੇ ਕਰਵਾਈ ਕਰਨ ਦਾ ਭਰੌਸਾ ਦਿਤਾ ਹੈ। ਦੋਸ਼ ਹਨ ਕਿ ਆਮ ਆਦਮੀ ਪਾਰਟੀ ਦੇ ਮਾਰਕੀਟ ਕਮੇਟੀ ਚੇਅਰਮੈਨ ਨੇ ਸੁਪਰਵਾਈਜ਼ਰ ਨਾਲ ਆਪਣੇ



ਸਾਥੀਆਂ ਸਣੇ ਮੰਡੀ ਅਰਨੀਵਾਲਾ ਦੀ ਮਾਰਕੀਟ ਕਮੇਟੀ ਦਫ਼ਤਰ ਵਿਚ ਕੁੱਟਮਾਰ ਕੀਤੀ। ਪੀੜਤ ਸੁਪਰਵਾਈਜ਼ਰ ਗੌਰਵ ਮੋਂਗਾ ਦੇ ਇਲਜ਼ਾਮ ਹਨ ਕਿ ਉਸ ਨੇ ਮੰਡੀ ਵਿਚ ਬੋਲੀ ਕਰਵਾਈ ਸੀ।

## ਪਹਿਲਗਾਮ ਅੱਤਵਾਦੀ ਹਮਲੇ ਦੇ ਖ਼ਿਲਾਫ਼ ਸ਼੍ਰੀਨਗਰ ਚ ਵਪਾਰੀਆਂ, .ਗੈਰ-ਸਰਕਾਰੀ ਸੰਗਠਨਾਂ ਤੇ ਵਿਦਿਆਰਥੀਆਂ ਨੇ ਕੀਤਾ ਪ੍ਰਦਰਸ਼ਨ

ਸ਼੍ਰੀਨਗਰ , ਲੋਕ ਬਾਣੀ -ਪਹਿਲਗਾਮ ਅੱਤਵਾਦੀ ਹਮਲੇ ਦੇ ਖ਼ਿਲਾਫ਼ ਸ਼੍ਰੀਨਗਰ ਦੇ ਘੰਟਾ ਘਰ, ਲਾਲ ਚੌਕ ਵਿਖੇ ਵਪਾਰੀਆਂ, ਵਿਦਿਆਰਥੀਆਂ ਅਤੇ .ਗੈਰ-ਸਰਕਾਰੀ ਸੰਗਠਨਾਂ ਨੇ ਪ੍ਰਦਰਸ਼ਨ ਕੀਤਾ । 22 ਅਪ੍ਰੈਲ ਨੂੰ ਹੋਏ ਅੱਤਵਾਦੀ ਹਮਲੇ ਵਿਚ 26 ਸੈਲਾਨੀਆਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ। ਇਸ ਵਿਚ 25 ਭਾਰਤੀ ਨਾਗਰਿਕ ਅਤੇ ਇਕ ਨਿਪਾਲੀ ਨਾਗਰਿਕ ਸ਼ਾਮਿਲ ਸੀ। ਇਕ ਪ੍ਰਦਰਸ਼ਨਕਾਰੀ ਇਮਰਾਨ ਨੇ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਹਮਲੇ




ਦੇ ਪੀੜਤਾਂ ਨੂੰ ਇਨਸਾਫ਼ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ 'ਮਨ ਕੀ ਬਾਤ' ਪ੍ਰੋਗਰਾਮ ਵਿਚ ਕਿਹਾ ਸੀ ਕਿ ਪੀੜਤਾਂ ਨੂੰ ਮੁਆਵਜ਼ਾ ਮਿਲੇਗਾ ਅਤੇ ਹਮਲੇ ਦਾ ਬਦਲਾ ਜਲਦੀ ਲਿਆ ਜਾਵੇਗਾ।

## ਕਲਾਕਾਰ ਅਤੁਲ ਕੁਲਕਰਨੀ ਨੇ ਕਸ਼ਮੀਰ ਦਾ ਦੌਰਾ ਕਰਨ ਦੀ ਕੀਤੀ ਅਪੀਲ

ਮੁੰਬਈ ,ਲੋਕ ਬਾਣੀ--ਪਹਿਲਗਾਮ ਵਿਚ ਹੋਏ ਭਿਆਨਕ ਅੱਤਵਾਦੀ ਹਮਲੇ ਤੋਂ ਬਾਅਦ ਅਦਾਕਾਰ ਅਤੁਲ ਕੁਲਕਰਨੀ ਨੇ ਕਸ਼ਮੀਰ ਦਾ ਦੌਰਾ ਕੀਤਾ ਅਤੇ ਦੇਸ਼ ਦੇ ਲੋਕਾਂ ਨੂੰ ਕਸ਼ਮੀਰ ਦਾ ਦੌਰਾ ਕਰਨ ਅਤੇ ਇਸ ਖੇਤਰ ਦਾ ਸਮਰਥਨ ਕਰਨ ਦੀ ਅਪੀਲ ਵੀ ਕੀਤੀ ਹੈ। 'ਬੈਂਡਿਸ਼ ਬੈਂਡਿਟਸ' ਦੇ ਅਦਾਕਾਰ ਨੇ ਪਣੇ ਇੰਸਟਾਗ੍ਰਾਮ ਅਕਾਊਂਟ 'ਤੇ ਮੁੰਬਈ ਤੋਂ ਸ਼੍ਰੀਨਗਰ ਤੱਕ ਦੀ ਆਪਣੀ ਯਾਤਰਾ ਦੀਆਂ ਤਸਵੀਰਾਂ ਦੀ ਇਕ ਲੜੀ ਸਾਂਝੀ



ਕੀਤੀ। ਉਸ ਨੇ ਖਾਲੀ ਫਲਾਈਟ ਸੀਟਾਂ ਅਤੇ ਆਪਣੇ ਬੋਰਡਿੰਗ ਪਾਸ ਦੀਆਂ ਤਸਵੀਰਾਂ ਪੋਸਟ ਕੀਤੀਆਂ। ਅਤੁਲ ਨੇ ਫਲਾਈਟ ਕਰੂ ਦੁਆਰਾ ਉਸ ਨੂੰ ਦਿੱਤਾ ਗਿਆ

## ਮੰਦਸੌਰ ਵਿਚ ਮੋਟਰਸਾਈਕਲ ਨਾਲ ਟਕਰਾਉਣ ਤੋਂ ਬਾਅਦ ਕਾਰ ਖੂਹ ਵਿਚ ਡਿਗੀ, 6 ਲੋਕਾਂ ਦੀ ਮੌਤ

ਮੰਦਸੌਰ , ਲੋਕ ਬਾਣੀ -ਮੱਧ ਪ੍ਰਦੇਸ਼ ਦੇ ਮੰਦਸੌਰ ਜ਼ਿਲ੍ਹੇ ਦੇ ਨਾਰਾਇਣਗੜ੍ਹ ਥਾਣਾ ਖੇਤਰ ਦੇ ਕਚਾਰੀਆ ਚੌਪਾਟੀ ਪਿੰਡ ਵਿਚ ਇਕ ਕਾਰ ਮੋਟਰਸਾਈਕਲ ਨੂੰ ਟੱਕਰ ਮਾਰਨ ਤੋਂ ਬਾਅਦ ਖੂਹ ਵਿਚ ਡਿਗ ਗਈ। ਕਾਰ ਵਿਚ ਸੱਤ ਤੋਂ ਵੱਧ ਲੋਕ ਸਵਾਰ ਸਨ। ਇਹ ਗੱਡੀ ਜਾਵਰਾ ਨੇੜੇ ਖੋਜਾਂਖੇੜਾ ਤੋਂ ਦੱਸੀ ਜਾ ਰਹੀ ਹੈ, ਇਹ ਲੋਕ ਆਤਰੀ ਮਾਤਾ ਦੇ ਦਰਸ਼ਨ ਕਰਨ ਆ ਰਹੇ ਸਨ। ਹੁਣ ਤੱਕ 6 ਲੋਕਾਂ ਦੀ ਮੌਤ ਦੀ ਖ਼ਬਰ ਹੈ, ਜਿਸ ਵਿਚ ਮੋਟਰਸਾਈਕਲ ਸਵਾਰ , ਜੋ ਕਿ



ਅਬਾਖੇੜੀ ਦਾ ਰਹਿਣ ਵਾਲਾ ਹੈ, ਵੀ ਸ਼ਾਮਿਲ ਹੈ। ਕਾਰ ਸਵਾਰਾਂ ਨੂੰ ਬਚਾਉਣ ਲਈ ਖੂਹ ਵਿਚ ਛਾਲ ਮਾਰਨ ਵਾਲੇ ਦੋਰਵਾੜੀ ਦੇ 40 ਸਾਲਾ ਮਨੋਹਰ ਸਿੰਘ ਦੀ ਵੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ

## ਪਹਿਲਗਾਮ ਜਾਂਚ ਵਿਚ ਰੂਸ ਤੇ ਚੀਨ ਸ਼ਾਮਲ ਹੋਣ: ਪਾਕਿਸਤਾਨ

ਮਾਸਕੋ, ਲੋਕ ਬਾਣੀ- ਇਕ ਮੀਡੀਆ ਰਿਪੋਰਟ ਦੀ ਮੰਨੀਏ ਤਾਂ ਪਾਕਿਸਤਾਨ ਪਹਿਲਗਾਮ ਦਹਿਸ਼ਤੀ ਹਮਲੇ ਦੀ ਜਾਂਚ ਵਿਚ ਰੂਸ ਤੇ ਚੀਨ ਦੀ ਸ਼ਮੂਲੀਅਤ ਚਾਹੁੰਦਾ ਹੈ। ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਮੰਗਲਵਾਰ ਨੂੰ ਦਹਿਸ਼ਤਗਰਦਾਂ ਵੱਲੋਂ ਕੀਤੀ ਗੋਲੀਬਾਰੀ ਵਿੱਚ 26 ਲੋਕਾਂ ਦੀ ਮੌਤ ਹੋ ਗਈ ਸੀ, ਜਿਨ੍ਹਾਂ ਵਿੱਚੋਂ ਬਹੁਗਿਣਤੀ ਸੈਲਾਨੀ ਸਨ। ਇਹ 2019 ਵਿੱਚ ਪੁਲਵਾਮਾ ਹਮਲੇ ਤੋਂ ਬਾਅਦ ਵਾਦੀ ਵਿੱਚ ਹੋਇਆ ਸਭ ਤੋਂ ਭਿਆਨਕ ਹਮਲਾ ਸੀ। ਹਮਲੇ ਦੀ ਜ਼ਿੰਮੇਵਾਰੀ ਪਾਕਿਸਤਾਨ-ਅਧਾਰਤ ਪਾਬੰਦੀਸ਼ੁਦਾ ਲਸ਼ਕਰ-ਏ-ਤੋਇਬਾ (✶✣")




ਨਾਲ ਸਬੰਧਤ ਰਜ਼ਿਸਟੈਂਸ ਫਰੰਟ ("♣6) ਨੇ ਲਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਆਪਣੇ ਮਾਸਿਕ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਵਿਚ ਕਿਹਾ ਕਿ ਪਹਿਲਗਾਮ ਹਮਲੇ ਦੇ 'ਦੋਸ਼ੀਆਂ ਅਤੇ ਸਾਜ਼ਿਸ਼ਕਾਰਾਂ' ਨੂੰ 'ਸਖ਼ਤ ਜਵਾਬ ਦਿੱਤਾ ਜਾਵੇਗਾ'।

## ਮੰਦਰ ਦੀ ਪਾਰਕਿੰਗ ਲਈ ਸਰਕਾਰੀ ਕਾਲਜ ਦੀ ਜ਼ਮੀਨ ਦੇਣ ਦਾ ਵਿਰੋਧ

ਲੁਧਿਆਣਾ, ਲੋਕ ਬਾਣੀ---ਕੁੱਝ ਦਿਨ ਪਹਿਲਾਂ ਲੁਧਿਆਣਾ ਤੋਂ ਰਾਜ ਸਭਾ ਮੈਂਬਰ ਵੱਲੋਂ ਟ੍ਰੈਫਿਕ ਜਾਮ ਦਾ ਹਵਾਲਾ ਦਿੰਦਿਆਂ ਇੱਕ ਮੰਦਰ ਨੂੰ ਪਾਰਕਿੰਗ ਲਈ ਸਰਕਾਰੀ ਕਾਲਜ ਲੜਕੀਆਂ ਵਿੱਚ ਥਾਂ ਦੇਣ ਲਈ ਸਿੱਖਿਆ ਮੰਤਰੀ ਨੂੰ ਸਲਾਹ ਦੇਣ ਦਾ ਮਾਮਲਾ ਸੋਸ਼ਲ ਮੀਡੀਆ 'ਤੇ ਵੀ ਚਰਚਾ ਫੜਦਾ ਜਾ ਰਿਹਾ ਹੈ। ਕਾਲਜ ਦੇ



ਵਿਦਿਆਰਥੀਆਂ, ਸਟਾਫ ਤੋਂ ਇਲਾਵਾ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਸਰਕਾਰ ਨੂੰ ਅਜਿਹਾ ਕੋਈ ਫੈਸਲਾ ਨਾ ਲੈਣ ਦੀ ਅਪੀਲ ਕੀਤੀ ਜਾ ਰਹੀ ਹੈ।

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ



ਲੋਕ ਬਾਣੀ
ਰੋਜ਼ਾਨਾ ਲੋਕ ਬਾਣੀ
www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009

# ਸੋਸ਼ਲ ਮੀਡੀਆ ਆਪਣੀ ਲੁਭਾਵਣੀ ਅਤੇ ਰੰਗੀਨ ਦੁਨੀਆਂ ਨਾਲ ਬੱਚਿਆਂ ਨੂੰ ਆਪਣੇ ਵੱਲ ਖਿੱਚ ਰਿਹਾ ਹੈ।

ਵਿਜੈ ਗਰਗ

ਸੋਸ਼ਲ ਮੀਡੀਆ ਵੱਲ ਬੇਹਿਸਾਬ ਖਿੱਚ ਨੇ ਆਧੁਨਿਕ ਜ਼ਿੰਦਗੀ ਦੇ ਹਰ ਪੱਖ ਨੂੰ ਪ੍ਰਭਾਵਿਤ ਕੀਤਾ ਹੈ। ਸਾਡੇ ਸਮਾਜ ਦੇ ਹਰ ਵਰਗ, ਖਾਸ ਕਰਕੇ ਨਵੀਂ ਪੀੜ੍ਹੀ, ਇਸ ਦੀ ਚਮਕ-ਧਮਕ ਅਤੇ ਖਿੱਚ ਦਾ ਸ਼ਿਕਾਰ ਹੋ ਰਹੀ ਹੈ। ਬਚਪਨ, ਜੋ ਕਿ ਖੇਡਕੁੱਦ, ਸਿਖਲਾਈ ਅਤੇ ਸੁਨਹਿਰੀ ਯਾਦਾਂ ਬਣਾਉਣ ਦਾ ਸਮਾਂ ਹੁੰਦਾ ਹੈ, ਉਹ ਅੱਜ ਦੇ ਸੋਸ਼ਲ ਮੀਡੀਆ ਦੀ ਦੁਨੀਆ ਵਿੱਚ ਗੁੰਮ ਹੁੰਦਾ ਜਾ ਰਿਹਾ ਹੈ। ਬੱਚੇ ਅੱਜ ਆਪਣੇ ਕਮਰੇ ਦੇ ਇੱਕ ਕੋਨੇ ਵਿੱਚ ਬੈਠੇ ਮੋਬਾਇਲ ਫੋਨ ਜਾਂ ਟੈਬਲੇਟ ਦੀ ਸਕਰੀਨ 'ਤੇ ਕੈਦ ਹੋ ਗਏ ਹਨ।

ਸੋਸ਼ਲ ਮੀਡੀਆ ਆਪਣੀ ਲੁਭਾਵਣੀ ਅਤੇ ਰੰਗੀਨ ਦੁਨੀਆਂ ਨਾਲ ਬੱਚਿਆਂ ਨੂੰ ਆਪਣੇ ਵੱਲ ਖਿੱਚ ਰਿਹਾ ਹੈ। ਫੇਸਬੁੱਕ, ਇੰਸਟਾਗ੍ਰਾਮ, ਸਨੈਪਚੈਟ ਵਰਗੇ ਪਲੇਟਫਾਰਮਾਂ ਨੇ ਬੱਚਿਆਂ ਨੂੰ ਇੱਕ ਅਜਿਹੇ ਜਗਤ ਨਾਲ ਜੁੜਨ ਲਈ ਉਤਸੁਕ ਕੀਤਾ ਹੈ ਜਿੱਥੇ ਉਹ ਅਸਲੀਅਤ ਤੋਂ ਦੂਰ ਕਲਪਿਤ ਜ਼ਿੰਦਗੀ ਨੂੰ ਜੀ ਰਹੇ ਹਨ। ਭਾਂਤ-ਭਾਂਤ ਦੀਆਂ ਫੋਟੋਆਂ, ਵੀਡੀਓਜ਼ ਅਤੇ ਹੋਰ ਸਮੱਗਰੀ ਦੇ ਰੁਝਾਨ ਨੇ ਬੱਚਿਆਂ ਦੇ ਮਨ ਵਿੱਚ ਆਪਣੇ-ਆਪ ਦੀ ਤੁਲਨਾ ਕਰਨ ਦੀ ਆਦਤ ਪੈਦਾ ਕਰ ਦਿੱਤੀ ਹੈ। ਇਹ ਤੁਲਨਾ ਬਹੁਤ ਵਾਰ ਹੌਂਸਲੇ ਨੂੰ ਘੱਟ ਕਰਦੀ ਹੈ ਅਤੇ ਮਾਨਸਿਕ ਦਬਾਅ ਦਾ ਕਾਰਨ ਬਣਦੀ ਹੈ ਸੋਸ਼ਲ ਮੀਡੀਆ ਦੇ ਵਧੇਰੇ ਪ੍ਰਭਾਵ ਕਾਰਨ ਬੱਚੇ ਖੇਡਾਂ ਵਿੱਚ ਭਾਗ ਨਹੀਂ ਲੈਂਦੇ।

ਪੁਰਾਣੇ ਸਮਿਆਂ ਦੀਆਂ ਖੇਡਾਂ ਜਿਵੇਂ ਕਿ ਗੁੱਲੀ-ਡੰਡਾ, ਪਿੱਠੂ, ਤੇ ਲੁਕਣਮੀਚੀ, ਜਿਹੜੀਆਂ ਸਿਰਫ਼ ਸਰੀਰਕ ਸਿਹਤ ਨੂੰ ਨਹੀਂ ਸਗੋਂ ਬੱਚਿਆਂ ਦੇ ਸਮਾਜਿਕ, ਬੌਧਿਕ ਅਤੇ ਭਾਵਨਾਤਮਕ ਵਿਕਾਸ ਵਿੱਚ ਵੀ ਯੋਗਦਾਨ ਪਾਉਂਦੀਆਂ ਸਨ, ਹੁਣ ਇਹ ਇੱਕ ਤਰ੍ਹਾਂ ਬਿਲਕੁਲ ਗੁੰਮ ਹੋ ਚੁੱਕੀਆਂ ਹਨ। ਇਸ ਨਾਲ ਬੱਚਿਆਂ ਦੀ ਸਰੀਰਕ ਸਰਗਰਮੀ ਘਟ ਰਹੀ ਹੈ, ਜੋ ਮੋਟਾਪੇ ਅਤੇ ਹੋਰ ਬਿਮਾਰੀਆਂ ਨੂੰ ਜਨਮ ਦੇ ਰਹੀ ਹੈ ਸੋਸ਼ਲ ਮੀਡੀਆ ਬੱਚਿਆਂ ਦੀ ਮਾਨਸਿਕ ਤੰਦਰੁਸਤੀ 'ਤੇ ਵੀ ਨਕਾਰਾਤਮਕ ਪ੍ਰਭਾਵ ਪਾ ਰਿਹਾ ਹੈ। ਅਸਲੀ ਤੇ ਅਭਾਸੀ ਦੁਨੀਆ ਦੇ ਵਿਚਕਾਰ ਦੀ ਦੂਰੀ ਬੱਚਿਆਂ ਨੂੰ ਮਨੋਵਿਗਿਆਨਕ ਪੱਧਰ 'ਤੇ ਅਸਥਿਰ ਕਰ ਰਹੀ ਹੈ।

ਉਹ ਅਕਸਰ ਆਪਣੇ-ਆਪ ਨੂੰ ਹੋਰ ਲੋਕਾਂ ਦੇ ਜੀਵਨ ਦੇ ਨਾਲ ਤੁਲਨਾ ਕਰਦੇ ਹਨ, ਜਿਸ ਨਾਲ ਹੀਣ ਭਾਵਨਾ ਅਤੇ ਡਿਪ੍ਰੈਸ਼ਨ ਪੈਦਾ ਹੁੰਦਾ ਹੈ। ਬੱਚਿਆਂ ਦੇ ਵਧਦੇ ਸੋਸ਼ਲ ਮੀਡੀਆ ਦੇ ਇਸਤੇਮਾਲ ਨੇ ਪਰਿਵਾਰਕ ਅਤੇ ਸਮਾਜਿਕ ਰਿਸ਼ਤਿਆਂ ਨੂੰ ਵੀ ਪ੍ਰਭਾਵਿਤ ਕੀਤਾ ਹੈ। ਪਰਿਵਾਰਕ ਗੱਲਾਂਬਾਤਾਂ ਅਤੇ ਸਮਾਂ ਬਿਤਾਉਣ ਦੀ ਥਾਂ, ਬੱਚੇ ਸਕ੍ਰੀਨਾਂ ਦੇ ਸਾਹਮਣੇ ਵੱਧ ਸਮਾਂ ਬਿਤਾਉਣ ਲੱਗੇ ਹਨ। ਸੋਸ਼ਲ ਮੀਡੀਆ ਦੀ ਵਧੇਰੇ ਵਰਤੋਂ ਕਾਰਨ ਬੱਚਿਆਂ ਦਾ ਪੜ੍ਹਾਈ 'ਤੇ ਧਿਆਨ ਵੀ ਘਟਦਾ ਜਾ ਰਿਹਾ ਹੈ। ਅਭਿਆਸ ਦੇ ਸਮੇਂ ਨੂੰ ਛੱਡ ਕੇ, ਉਹ ਸਕ੍ਰੀਨਾਂ 'ਤੇ ਸਮਾਂ ਬਰਬਾਦ ਕਰਦੇ ਹਨ, ਜਿਸ ਨਾਲ ਉਹਨਾਂ ਦੀ ਅਕਾਦਮਿਕ ਕਾਰਗੁਜ਼ਾਰੀ ਵੀ ਖਰਾਬ ਹੁੰਦੀ ਹੈ।

ਨਵੇਂ ਟਰੈਂਡ ਅਤੇ ਚੈਲੈਂਜਾਂ ਨੂੰ ਪੂਰਾ ਕਰਨ ਦੀ ਦੌੜ ਵਿੱਚ ਬੱਚੇ ਪੜ੍ਹਾਈ ਅਤੇ ਸਿਖਲਾਈ ਦੇ ਅਹਿਮੀਅਤ ਨੂੰ ਭੁੱਲ ਰਹੇ ਹਨ। ਇਸ ਸਮੱਸਿਆ ਨੂੰ ਹੱਲ ਕਰਨ ਲਈ ਮਾਤਾ-ਪਿਤਾ, ਅਧਿਆਪਕ ਅਤੇ ਸਮਾਜ ਦੇ ਹਰ ਪੱਖ ਨੂੰ ਸੰਜਮ ਦੇ ਨਾਲ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਮਾਤਾ-ਪਿਤਾ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਦੇ ਸਕ੍ਰੀਨ ਸਮੇਂ ਨੂੰ ਸੀਮਤ ਕਰਨ ਦੇ ਨਾਲ-ਨਾਲ ਉਹਨਾਂ ਨੂੰ ਬਾਹਰਲੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਰਨ ਲਈ ਉਤਸ਼ਾਹਿਤ ਕਰਨ। ਟੈਕਨਾਲੋਜੀ ਨੂੰ ਇੱਕ ਮਿਤਵਾਨ ਪੱਖ ਤੋਂ ਵਰਤਣ ਦੀ ਲੋੜ ਹੈ, ਜਿਸ ਨਾਲ ਬੱਚੇ ਆਪਣੀ ਪੜ੍ਹਾਈ ਅਤੇ ਸਰੀਰਕ ਵਿਕਾਸ 'ਤੇ ਧਿਆਨ ਕੇਂਦ੍ਰਿਤ ਕਰ ਸਕਣ ਸੋਸ਼ਲ ਮੀਡੀਆ ਦੀ ਅਭਾਸੀ ਦੁਨੀਆ ਨੇ ਬਚਪਨ ਨੂੰ ਇੱਕ ਜੰਜੀਰ ਵਿੱਚ ਜਕੜ ਦਿੱਤਾ ਹੈ, ਪਰ ਇਸਨੂੰ ਸੁਰੱਖਿਅਤ ਕਰਨਾ ਸਾਡੇ ਹੱਥ ਵਿੱਚ ਹੈ। ਮਾਤਾ-ਪਿਤਾ, ਅਧਿਆਪਕ ਅਤੇ ਸਮਾਜ ਦੇ ਪ੍ਰਤੀਨਿਧੀਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ ਤਾਂ ਜੋ ਬੱਚਿਆਂ ਦਾ ਬਚਪਨ ਸੋਸ਼ਲ ਮੀਡੀਆ ਦੀ ਗੁਲਾਮੀ ਤੋਂ ਬਚ ਸਕੇ। ਇਹ ਸਿਰਫ਼ ਸਾਡੇ ਹੁਨਰ ਅਤੇ ਸੰਜਮ 'ਤੇ ਨਿਰਭਰ ਕਰਦਾ ਹੈ ਕਿ ਅਸੀਂ ਆਉਣ ਵਾਲੀ ਪੀੜ੍ਹੀ ਨੂੰ ਕਿਵੇਂ ਸੁਨਹਿਰਾ ਭਵਿੱਖ ਦੇ ਸਕਦੇ ਹਾਂ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ

------------------++------++++

# ਧਰਤੀ ਹੇਠਲੇ ਪਾਣੀ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾਵੇ

ਵਿਜੈ ਗਰਗ

ਭਾਰਤ ਵਿੱਚ ਪਾਣੀ ਦਾ ਸੰਕਟ ਲਗਾਤਾਰ ਵਧ ਰਿਹਾ ਹੈ ਤੇ ਇਸ ਦਾ ਮੁੱਖ ਕਾਰਨ ਧਰਤੀ ਹੇਠਲੇ ਪਾਣੀ ਦੀ ਵਧੇਰੇ ਵਰਤੋਂ ਤੇ ਉਸ ਦੀ ਘਟਦੀ ਗੁਣਵੱਤਾ ਹੈ ਖਾਸ ਕਰਕੇ ਉੱਤਰੀ ਭਾਰਤ ਦੇ ਕਈ ਸੂਬਿਆਂ ਦੇ ਕੁਝ ਜ਼ਿਲ੍ਹੇ, ਜੋ ਖੇਤੀ ਪੈਦਾਵਾਰ 'ਚ ਮੋਹਰੀ ਹਨ, ਧਰਤੀ ਹੇਠਲੇ ਪਾਣੀ ਦੇ ਪ੍ਰਦੂਸ਼ਣ ਤੇ ਘਟਦੇ ਪਾਣੀ ਦੇ ਪੱਧਰ ਨਾਲ ਜੂਝ ਰਹੇ ਹਨ ਇਨ੍ਹਾਂ ਸੂਬਿਆਂ ਵਿੱਚ ਝੋਨਾ ਤੇ ਹੋਰ ਫਸਲਾਂ ਦੀ ਪੈਦਾਵਾਰ ਲਈ ਜ਼ਿਆਦਾ ਪਾਣੀ ਦੀ ਵਰਤੋਂ ਕੀਤੀ ਜਾਂਦੀ ਹੈ ਜਿਸ ਕਾਰਨ ਧਰਤੀ ਹੇਠਲੇ ਪਾਣੀ ਦਾ ਪੱਧਰ ਨਾ ਸਿਰਫ ਡਿੱਗ ਰਿਹੈ ਸਗੋਂ ਇਸ ਵਿੱਚ ਘਾਤਕ ਰਸਾਇਣ ਤੇ ਤੱਤ ਰਲ਼ ਗਏ ਹਨ ਕੁਝ ਸਮਾਂ ਪਹਿਲਾਂ ਕੇਂਦਰੀ ਭੂਜਲ ਬੋਰਡ ਦੀ ਰਿਪੋਰਟ ਵਿੱਚ ਇਹ ਤੱਥ ਸਾਹਮਣੇ ਆਏ।

ਕਿ ਦੇਸ਼ ਭਰ ਵਿੱਚ ਧਰਤੀ ਹੇਠਲੇ ਪਾਣੀ ਦੇ ਨਮੂਨੇ ਵਿੱਚ 20 ਫੀਸਦੀ ਨਮੂਨੇ ਮਾਪਦੰਡਾਂ 'ਤੇ ਖਰੇ ਨਹੀਂ ਉੱਤਰੇ ਇਨ੍ਹਾਂ 'ਚੋਂ ਕੁਝ ਸੈਂਪਲਾਂ 'ਚ ਤਾਂ ਨਾਈਟ੍ਰੇਟ ਦਾ ਪੱਧਰ ਮਾਪਦੰਡ ਸੀਮਾ ਤੋਂ ਜ਼ਿਆਦਾ ਪਾਇਆ ਗਿਆ ਹੈ ਜੋ ਪਾਣੀ ਸਰੋਤਾਂ ਦੇ ਪ੍ਰਦੂਸ਼ਣ ਦਾ ਸਪੱਸ਼ਟ ਸੰਕੇਤ ਹੈ ਪੰਜਾਬ ਦੇ ਧਰਤੀ ਹੇਠਲੇ ਪਾਣੀ ਵਿੱਚ ਵਿਸ਼ੇਸ਼ ਤੌਰ 'ਤੇ 30 ਫੀਸਦੀ ਸੈਂਪਲਾਂ 'ਚ ਜ਼ਿਆਦਾ ਯੂਰੇਨੀਅਮ ਪਾਇਆ ਗਿਆ ਹੈ, ਜੋ ਸਿਹਤ ਲਈ ਗੰਭੀਰ ਖਤਰੇ ਦਾ ਕਾਰਨ ਬਣ ਸਕਦਾ ਹੈ ਉੱਤਰੀ ਭਾਰਤ ਦੇ ਕਈ ਸੂਬਿਆਂ ਵਿਚ ਯੂਰੇਨੀਅਮ ਪ੍ਰਦੂਸ਼ਣ ਦੇ ਮਾਮਲਿਆਂ ਨੂੰ 'ਹੌਟ ਸਪੌਟ' ਮੰਨਿਆ ਗਿਆ ਹੈ ਜੋ ਇਹ ਦਰਸ਼ਾਉਂਦਾ ਹੈ

ਕਿ ਇਨ੍ਹਾਂ ਸੂਬਿਆਂ ਵਿੱਚ ਪਾਣੀ ਦੇ ਸਰੋਤਾਂ ਦੀ ਸਥਿਤੀ ਵਧੇਰੇ ਚਿੰਤਾਜਨਕ ਹੈ ਯੂਰੇਨੀਅਮ ਅਤੇ ਹੋਰ ਰਸਾਇਣਕ ਪ੍ਰਦੂਸ਼ਕਾਂ ਦਾ ਸੇਵਨ ਸਿਹਤ 'ਤੇ ਮਾੜਾ ਅਸਰ ਪਾਉਂਦਾ ਹੈ, ਜਿਵੇਂ ਗੁਰਦੇ ਤੇ ਹੱਡੀਆਂ ਨਾਲ ਸਬੰਧਤ ਸਮੱਸਿਆਵਾਂ ਹੋ ਸਕਦੀਆਂ ਹਨ ਇਸ ਸਥਿਤੀ ਨਾਲ ਨਜਿੱਠਣ ਲਈ ਪਾਣੀ ਦੀ ਰੀਸਾਈਕਲਿੰਗ, ਮੀਂਹ ਦੇ ਪਾਣੀ ਦੀ ਸੰਭਾਲ ਤੇ ਖੇਤੀ ਵਿੱਚ ਰਸਾਇਣਕ ਖਾਦਾਂ ਦੀ ਸਮਝਦਾਰੀ ਨਾਲ ਵਰਤੋਂ ਦੀ ਨੀਤੀ ਲਾਗੂ ਕਰਨੀ ਜ਼ਰੂਰੀ ਅਸੀਂ ਪਾਣੀ ਦੀ ਜ਼ਿਆਦਾ ਵਰਤੋਂ ਤੋਂ ਬਚਣ ਲਈ ਤੁਰੰਤ ਕਦਮ ਚੁੱਕਣੇ ਹੋਣਗੇ ਤਾਂ ਕਿ ਧਰਤੀ ਹੇਠਲੇ ਪਾਣੀ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕੇ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੁਰੱਖਿਆ ਰੱਖਿਆ ਜਾ ਸਕੇ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ

# ਪਹਿਲਗਾਮ ਦਾ ਕਤਲੇਆਮ

ਮਾਰ -ਮਾਰ ਲੋਥਾਂ ਦੇ ਢੇਰ ਲਾਤੇ,
ਸੁਣੀਂ ਕਿਸੇ ਨਾ ਕੂਕ ਪੁਕਾਰ ਸਾਈਂ।
ਡਿੱਗੇ ਹੋਣਗੇ ਪੰਛੀਆਂ ਦੇ ਹੰਝੂ,
ਵੇਖ ਮਨੁੱਖਾਂ ਤੇ ਅਤਿਆਚਾਰ ਸਾਈਂ।
ਬੇ ਸਗਨਾਂ ਹੋਇਆ ਹੋਊ ਤੁਰਦਿਆਂ ਨੂੰ,
ਮੁੜ ਵੇਖਿਆ ਨਾ ਘਰ ਬਾਰ ਸਾਈਂ।
ਘਰੋਂ ਗਏ ਸੀ ਹੱਸਦੇ, ਮੁੜੇ ਰੋਂਦੇ,
ਦਿੱਤੀ ਕਰਮਾਂ ਵੱਡੀ ਹਾਰ ਸਾਈਂ।
ਪਹਿਲਗਾਮ ਕਬਰਸਤਾਨ ਬਣਿਆ,
ਲੁੱਟੇ ਸੁਹਾਗ ਸ਼ਰੇਅ ਬਜ਼ਾਰ ਸਾਈਂ।
ਮਿਸਾਲੀ ਸਜ਼ਾਵਾਂ ਦਿਉ ਦਰਿੰਦਿਆਂ ਨੂੰ,
ਦਿੱਤਾ ਜਿੰਨਾਂ ਦੇਸ਼ ਵੰਗਾਰ ਸਾਈਂ।
ਅੱਖ ਪੱਟ ਕੇ ਝਾਕੇ ਨਾ ਮੁੜ ਵੈਰੀ,
ਤੁਸੀਂ ਮਾਰੋ ਐਸੀ ਮਾਰ ਸਾਈਂ।
ਪੱਤੋ ਹੁਣ ਜ਼ਾਲਮਾਂ ਦੀ ਨਾ ਖੈਰ ਹੋਵੇ,
ਸਬਰ ਰੱਖਿਆ ਕਿੰਨੀ ਵਾਰ ਸਾਈਂ।

ਹਰਪ੍ਰੀਤ ਪੱਤੋ
(ਮੋਗਾ)

# ਪ੍ਰੀ-ਪ੍ਰਾਇਮਰੀ ਐਸੋਸੀਏਟ ਅਧਿਆਪਕਾਂ ਦੀ ਹੋਈ ਕੈਬਨਿਟ ਸਬ ਕਮੇਟੀ ਨਾਲ ਮੀਟਿੰਗ



ਪ੍ਰੀ-ਪ੍ਰਾਇਮਰੀ ਐਸੋਸੀਏਟ ਅਧਿਆਪਕ ਯੂਨੀਅਨ ਦੀ ਅਹਿਮ ਮੀਟਿੰਗ ਦਵਿੰਦਰ ਮੁਕਤਸਰ ਅਤੇ ਹਰਪ੍ਰੀਤ ਜਲੰਧਰ ਦੀ ਅਗਵਾਈ ਵਿੱਚ ਵਿੱਤ ਮੰਤਰੀ ਪੰਜਾਬ ਹਰਪਾਲ ਚੀਮਾ ਅਤੇ ਕੁਲਦੀਪ ਸਿੰਘ ਧਾਲੀਵਾਲ ਨਾਲ ਹੋਈ।

ਮੀਟਿੰਗ ਵਿੱਚ ਤਨਖਾਹ ਵਾਧੇ ਤੋਂ ਰਹਿੰਦੇ ਸਾਥੀ ਜੋ ਪੋਲਿਸੀ ਦਾ ਹਿੱਸਾ ਨਹੀਂ ਬਣ ਸਕੇ ਉਹਨਾਂ ਬਾਰੇ ਪ੍ਰਮੁੱਖ ਗੱਲ ਕੀਤੀ ਗਈ, ਸੀਐਸਆਰ ਰੂਲ, ਛੁੱਟੀਆਂ ਬਾਰੇ, ਪ੍ਰੀ-ਪ੍ਰਾਇਮਰੀ ਅਧਿਆਪਕਾਂ ਦੀਆਂ ਬਦਲੀਆਂ ਕਰਵਾਉਣ ਬਾਰੇ ਗੱਲਬਾਤ ਕੀਤੀ ਗਈ ਜਿਸ ਦੇ ਜਵਾਬ ਵਿੱਚ ਮੰਤਰੀ ਵੱਲੋਂ ਕਿਹਾ ਗਿਆ ਕਿ ਥੋੜੇ ਸੀਐਸਆਰ ਰੂਲ ਹਾਲੇ ਬਣੇ ਨਹੀਂ ਹਨ ਇਹ ਪ੍ਰਸੋਨਲ ਦੀ ਸਾਖਾ ਨੰਬਰ-7 ਕੋਲ ਭੇਜੇ ਜਾ ਚੁੱਕੇ ਹਨ।

ਰੂਲ ਬਣਨ ਉਪਰੰਤ ਹੀ ਪ੍ਰੀ ਪ੍ਰਾਇਮਰੀ ਅਧਿਆਪਕਾਂ ਦੀਆਂ ਛੁੱਟੀਆਂ, ਬਦਲੀਆਂ, ਤਨਖਾਹ ਦਾ ਗ੍ਰੇਡ ਪੇਅ, ਸਭ ਜਾਰੀ ਹੋਵੇਗਾ। ਜਿਸਦੇ ਤਹਿਤ ਮੰਤਰੀ ਸਾਹਿਬ ਵੱਲੋਂ 9 ਮਈ ਨੂੰ ਸਿੱਖਿਆ ਸਕੱਤਰ, ਡੀਪੀਆਈ ਨਾਲ ਮੀਟਿੰਗ ਦਾ ਸਮਾਂ ਦਿੱਤਾ ਗਿਆ।

ਇਸ ਤੋਂ ਬਿਨਾ ਸਾਥੀਓ ਸਾਡੇ ਵੱਲੋਂ ਆਪਣਾ ਨੈਤਿਕ ਫਰਜ਼ ਸਮਝਦੇ ਹੋਏ, ਜਿਹਨਾਂ ਸਾਥੀਆਂ ਦੀ ਮੌਤ ਹੋ ਚੁੱਕੀ ਹੈ ਉਹਨਾਂ ਦੇ ਪਰਿਵਾਰਾਂ ਲਈ ਨੌਕਰੀ ਦੀ ਮੰਗ ਕੀਤੀ ਜਿਸਦੇ ਜਵਾਬ ਵਿੱਚ ਮੰਤਰੀ ਨੇ ਕਿਹਾ ਕਿ ਸੀਐਸਆਰ ਰੂਲ ਦੇ ਤਹਿਤ ਬਣਦੇ ਨੌਕਰੀ ਜਾਂ ਮਾਲੀ ਮਦਦ ਦਿੱਤੀ ਜਾਵੇਗੀ ਇਸ ਲਈ ਜਿਹੜੇ ਵੀ ਸਾਥੀਆਂ ਦੀ ਮੌਤ ਹੋ ਚੁੱਕੀ ਹੈ, ਉਹਨਾਂ ਦੀ ਡਿਟੇਲ ਬਣਾ ਕੇ ਸਾਡੇ ਨਾਲ ਜ਼ਰੂਰ ਸੰਪਰਕ ਕੀਤਾ ਜਾਵੇ। ਪੋਲਿਸੀ ਤੋਂ ਰਹਿੰਦੇ ਸਾਥੀਆਂ ਦੀ ਫਾਈਲ ਪਰਸੋਨਲ ਕੋਲ ਹੈ ਉਹਦੇ ਤੋਂ ਬਾਅਦ ਉਹਨਾਂ ਦਾ ਹੱਲ ਹੋ ਜਾਵੇਗਾ।

ਇਸ ਮੀਟਿੰਗ ਵਿੱਚ ਵੀਰਪਾਲ ਖੰਨਾ, ਰਾਜਵੀਰ ਅੰਮ੍ਰਿਤਸਰ ਕੁਲਵੀਰ ਮਲੇਰਕੋਟਲਾ, ਦਰਸ਼ਨ ਫਤਿਹਗੜ੍ਹ ਸਾਹਿਬ, ਅੰਮ੍ਰਿਤਪਾਲ ਹੁਸਿਆਰਪੁਰ, ਜਗਵਿੰਦਰ ਖੰਨਾ, ਨਵਦੀਪ ਭਗਤ, ਰਜਨੀ ਜਲੰਧਰ ਹਾਜ਼ਰ ਸਨ।

# ਮਹਿਰੂਮ ਕਾਮਰੇਡ ਬਲਵਿੰਦਰ ਸਿੰਘ ਬੇਟੇ 'ਤੇ ਅਣਪਛਾਤਿਆਂ ਨੇ ਚਲਾਈਆਂ ਗੋਲੀਆਂ




ਭਿੱਖੀਵਿੰਡ-ਅਣਪਛਾਤਿਆਂ ਵੱਲੋਂ ਸ਼ੋਰੀਆ ਚੱਕਰ ਵਿਜੇਤਾ ਮਹਿਰੂਮ ਕਾਮਰੇਡ ਬਲਵਿੰਦਰ ਸਿੰਘ ਦੇ ਬੇਟੇ ਗਗਨਦੀਪ ਸਿੰਘ ਤੇ ਕੀਤੀ ਫਾਇਰਿੰਗ ਦੌਰਾਨ ਗਗਨਦੀਪ ਵਾਲ ਵਾਲ ਬਚ ਗਿਆ। ਵਾਰਦਾਤ ਨੂੰ ਅੰਜ਼ਾਮ ਦੇਣ ਮਗਰੋਂ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ।

ਜਾਣਕਾਰੀ ਅਨੁਸਾਰ ਆਪਣੇ ਨਿਜੀ ਗਨਮੈਨ ਸਰਵਨ ਸਿੰਘ ਨਾਲ ਗਗਨਦੀਪ ਸਿੰਘ ਗੱਡੀ ਵਿੱਚ ਸਵਾਰ ਹੋ ਕੇ ਭਿੱਖੀਵਿੰਡ ਤੋਂ ਘਰ ਜਾ ਰਿਹਾ ਸੀ।

ਜਦੋਂ ਮੇਨ ਸੜਕ ਨਜਦੀਕ ਬੇਦੀ ਰਾਈਸ ਮਿੱਲ ਨਜਦੀਕ ਜਰੂਰੀ ਕੰਮ ਲਈ ਉਤਰਿਆ ਤਾਂ ਅਚਾਨਕ ਪਿੱਛੋਂ ਆ ਰਹੀ ਕਾਰ ਸਵਾਰ ਤਿੰਨ ਨੌਜਵਾਨ ਵਿਅਕਤੀਆਂ ਵੱਲੋਂ ਸਿੱਧੇ ਫਾਇਰ ਕੀਤੇ ਤਾਂ ਗਗਨਦੀਪ ਸਿੰਘ ਨੇ ਮੌਕੇ ਨੂੰ ਭਾਂਪਦਿਆਂ ਭੱਜ ਕੇ ਗੱਡੀ ਵਿੱਚ ਬੈਠ ਕੇ ਜਾਨ ਬਚਾ ਲਈ ਜਦੋਂ ਕਿ ਗੋਲੀਆਂ ਗੱਡੀ ਦੇ ਵਿੱਚ ਟਾਇਰ ਵਿੱਚ ਲੱਗ ਜਾਣ ਤੇ ਅਣਪਛਾਤੇ ਕਾਰ ਸਵਾਰ ਵਿਅਕਤੀ ਕਾਰ ਸਮੇਤ ਫਰਾਰ ਹੋ ਗਏ। ਦੱਸਣਯੋਗ ਹੈ ਕਿ ਸ਼ੋਰੀਆ ਵਿਜੇਤਾ ਕਾਮਰੇਡ ਬਲਵਿੰਦਰ ਸਿੰਘ ਭਿੱਖੀਵਿੰਡ ਦੀ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀ ਮਾਰ ਕੇ ਹੱਤਿਆ ਕਰ ਦਿੱਤੇ ਜਾਣ ਮਗਰੋਂ ਪੁਲਿਸ ਪ੍ਰਸ਼ਾਸਨ ਵੱਲੋਂ ਗਨਮੈਨ ਮੁਹਈਆ ਕਰਵਾਏ ਗਏ ਸਨ।

ਗਗਨਦੀਪ ਸਿੰਘ ਦੀ ਮਾਤਾ ਸ਼ੋਰੀਆ ਚੱਕਰ ਵਿਜੇਤਾ ਜਗਦੀਸ਼ ਕੌਰ ਨੇ ਮੁੱਖ ਮੰਤਰੀ ਭਗਵੰਤ ਮਾਨ, 47♦ ਗੌਰਵ ਯਾਦਵ, ਐਸਐਸਪੀ ਤਰਨ ਤਾਰਨ ਪਾਸੋਂ ਜ਼ੋਰਦਾਰ ਮੰਗ ਕੀਤੀ ਕਿ ਪੂਰੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

# ਸਰਕਾਰੀ ਸਕੂਲਾਂ 'ਚ ਅਧਿਆਪਕਾਂ ਲਈ ਡਰੈੱਸ ਕੋਡ ਲਾਗੂ ਹੁਣ ਅਜਿਹਾ ਹੋਵੇਗਾ ਟੀਚਰਾਂ ਦਾ ਪਹਿਰਾਵਾ



ਚੰਡੀਗੜ੍ਹ-ਚੰਡੀਗੜ੍ਹ ਸਿੱਖਿਆ ਵਿਭਾਗ ਨੇ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਲਈ ਡਰੈੱਸ ਕੋਡ ਲਾਗੂ ਕੀਤਾ ਹੈ। ਇਹ ਫੈਸਲਾ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦੀ ਸਲਾਹ 'ਤੇ ਲਿਆ ਗਿਆ ਹੈ ਇਹ ਪਹਿਲ ♦$ ਸ਼ਰੀ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-14, ਧਨਾਸ ਤੋਂ ਸ਼ੁਰੂ ਕੀਤੀ ਗਈ ਹੈ, ਜਿਸਦੀ ਪ੍ਰਸ਼ਾਸਕ ਨੇ ਖੁਦ ਬਹੁਤ ਪ੍ਰਸ਼ੰਸਾ ਕੀਤੀ ਹੈ।

ਨਵੀਂ ਪ੍ਰਣਾਲੀ ਦੇ ਤਹਿਤ, ਮਹਿਲਾ ਕਰਮਚਾਰੀ ਸਾੜੀ ਜਾਂ ਸਲਵਾਰ-ਕਮੀਜ਼ ਪਹਿਨਣਗੀਆਂ, ਜਦੋਂ ਕਿ ਪੁਰਸ਼ ਕਰਮਚਾਰੀ ਰਸਮੀ ਕਮੀਜ਼ਾਂ ਅਤੇ ਪੈਂਟਾਂ ਵਿੱਚ ਦਿਖਾਈ ਦੇਣਗੇ। ਇਸ ਕਦਮ ਦਾ ਉਦੇਸ਼ ਅਧਿਆਪਕਾਂ ਦੀ ਦਿੱਖ ਨੂੰ ਇਕਸਾਰ ਬਣਾਉਣਾ, ਪੇਸ਼ੇਵਰਤਾ ਨੂੰ ਉਤਸ਼ਾਹਿਤ ਕਰਨਾ ਅਤੇ ਸਕੂਲਾਂ ਵਿੱਚ ਇੱਕ ਸਕਾਰਾਤਮਕ ਅਕਾਦਮਿਕ ਮਾਹੌਲ ਬਣਾਉਣਾ ਹੈ।

ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਕਿਹਾ, "ਇੱਕ ਸਮਾਨ ਡਰੈੱਸ ਕੋਡ ਕਰਮਚਾਰੀਆਂ ਵਿੱਚ ਸਮਾਨਤਾ ਨੂੰ ਉਤਸ਼ਾਹਿਤ ਕਰਦਾ ਹੈ ਅਤੇ ਉਨ੍ਹਾਂ ਵਿੱਚ ਮਾਣ ਅਤੇ ਪੇਸ਼ੇਵਰਤਾ ਦੀ ਭਾਵਨਾ ਪੈਦਾ ਕਰਦਾ ਹੈ।

ਚੰਡੀਗੜ੍ਹ ਸਿੱਖਿਆ ਵਿਭਾਗ ਦੇ ਇਸ ਯਤਨ ਨਾਲ ਨਾ ਸਿਰਫ਼ ਸ਼ਹਿਰ ਦੇ ਵਿਦਿਅਕ ਮਾਹੌਲ 'ਤੇ ਸਕਾਰਾਤਮਕ ਪ੍ਰਭਾਵ ਪਵੇਗਾ ਸਗੋਂ ਇਹ ਚੰਡੀਗੜ੍ਹ ਨੂੰ ਅਧਿਆਪਕਾਂ ਲਈ ਡਰੈੱਸ ਕੋਡ ਲਾਗੂ ਕਰਨ ਵਾਲਾ ਪਹਿਲਾ ਕੇਂਦਰ ਸ਼ਾਸਤ ਪ੍ਰਦੇਸ਼ ਵੀ ਬਣਾਏਗਾ। ਦੂਜੇ ਪਾਸੇ ਸਿੱਖਿਆ ਵਿਭਾਗ ਨੇ ਫੈਸਲਾ ਕੀਤਾ ਹੈ ਕਿ 2025 ਦੀਆਂ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਕਲਾਸਾਂ ਸ਼ੁਰੂ ਹੋਣ ਤੋਂ ਪਹਿਲਾਂ ਸਾਰੇ ਸਰਕਾਰੀ ਸਕੂਲਾਂ ਵਿੱਚ ਇਹ ਡਰੈੱਸ ਕੋਡ ਪੂਰੀ ਤਰ੍ਹਾਂ ਲਾਗੂ ਕਰ ਦਿੱਤਾ ਜਾਵੇਗਾ। ਇਸ ਨਾਲ ਅਧਿਆਪਕਾਂ ਨੂੰ ਨਵੀਂ ਪ੍ਰਣਾਲੀ ਦੇ ਅਨੁਕੂਲ ਹੋਣ ਲਈ ਕਾਫ਼ੀ ਸਮਾਂ ਮਿਲੇਗਾ।

# ਪੰਜਾਬ ਦੇ ਪਿੰਡਾਂ 'ਚ ਪ੍ਰਦੂਸ਼ਣ ਫੈਲਾ ਰਹੀ ਬਾਇਓਗੈਸ ਫੈਕਟਰੀ; ਪ੍ਰਦਰਸ਼ਨਕਾਰੀ ਲੋਕਾਂ 'ਤੇ ਪੁਲਿਸ ਦਾ ਜ਼ਬਰ

ਚੰਡੀਗੜ੍ਹ-ਪਿੰਡਾਂ ਵਿੱਚ ਪ੍ਰਦੂਸ਼ਣ ਫੈਲਾ ਰਹੀ ਅਖਾੜਾ ਬਾਇਓ ਗੈਸ ਫੈਕਟਰੀ ਬੰਦ ਕਰਵਾਉਣ ਲਈ ਚੱਲ ਰਹੇ ਸੰਘਰਸ਼ ਨੂੰ ਤਾਰਪੀਡੋ ਕਰਨ ਲਈ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੁਲਿਸ ਵੱਲੋਂ ਜਾਬਰ ਹੱਲਾ ਬੋਲਦਿਆਂ ਸ਼ਾਂਤਮਈ ਅਖਾੜਾ ਮੋਰਚੇ ਨੂੰ ਜ਼ਬਰੀ ਉਖਾੜ ਦਿੱਤਾ ਗਿਆ ਹੈ।



ਇਸ ਜਾਬਰ ਹੱਲੇ ਦੀ ਸਖ਼ਤ ਨਿਖੇਧੀ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਦੱਸਿਆ ਹੈ ਕਿ ਭਾਰਤੀ ਕਿਸਾਨ ਯੂਨੀਅਨ (ਏਕਤਾ-ਡਕੌਂਦਾ) ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਬਰਨਾਲਾ ਜ਼ਿਲ੍ਹੇ ਦੇ ਪ੍ਰਧਾਨ ਕੁਲਵੰਤ ਸਿੰਘ ਭਦੌੜ ਸੀਨੀਅਰ ਮੀਤ ਪ੍ਰਧਾਨ ਜਗਰਾਜ ਸਿੰਘ ਹਰਦਾਸਪੁਰਾ, ਸ਼ਹਿਣਾ ਬਲਾਕ ਦੇ ਸਕੱਤਰ ਕਾਲਾ ਜੈਦ, ਰਾਏਕੋਟ ਬਲਾਕ ਪ੍ਰਧਾਨ ਸਰਬਜੀਤ ਸਿੰਘ ਧੂਰਕੋਟ, ਜਗਰਾਓਂ ਬਲਾਕ ਦੇ ਆਗੂ ਬਲਰਾਜ ਸਿੰਘ ਕੋਟਉਮਰਾ ਸਮੇਤ ਪਿੰਡ ਅਖਾੜਾ ਦੇ ਜੁਝਾਰੂ ਕਿਸਾਨ ਮਜ਼ਦੂਰ ਮਰਦ ਔਰਤਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਅਖਾੜਾ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਚੱਲ ਰਹੇ ਸਪੀਕਰ ਨੂੰ ਵੀ ਬੰਦ ਕਰਵਾ ਦਿੱਤਾ ਹੈ, ਇੱਥੋਂ ਤੱਕ ਕਿ ਵਿਦਿਆਰਥੀਆਂ ਨੂੰ ਸਕੂਲ ਜਾਣ ਤੋਂ ਵੀ ਰੋਕਿਆ ਗਿਆ ਹੈ। ਮੋਰਚੇ ਦਾ ਟੈਂਟ ਬੁਰੀ ਤਰ੍ਹਾਂ ਭੰਨ ਤੋੜ ਦਿੱਤਾ ਹੈ ਅਤੇ ਫਰਿੱਜਾਂ, ਕੂਲਰ, ਲੰਗਰ ਦੇ ਭਾਂਡੇ ਤੇ ਰਾਸ਼ਨ ਸਭ ਕੁੱਝ ਪੁਲਿਸ ਚੁੱਕ ਕੇ ਲੈ ਗਈ ਹੈ। ਇਸ ਮੌਕੇ ਔਰਤਾਂ ਸਮੇਤ ਪਿੰਡ ਵਾਸੀਆਂ ਦੀ ਬੁਰੀ ਤਰ੍ਹਾਂ ਕੁੱਟ ਮਾਰ ਵੀ ਕੀਤੀ ਗਈ ਹੈ ਕਿਸਾਨ ਆਗੂਆਂ ਨੇ ਦੋਸ਼ ਲਾਇਆ ਹੈ ਕਿ ਮਾਨ ਸਰਕਾਰ ਕਿਸਾਨਾਂ ਮਜ਼ਦੂਰਾਂ ਸਮੇਤ ਜੁਝਾਰੂ ਲੋਕਾਂ ਨਾਲ ਵਿਦੇਸ਼ੀ ਦੁਸ਼ਮਣਾਂ ਵਾਂਗ ਪੇਸ਼ ਆ ਰਹੀ ਹੈ। ਅੰਨ੍ਹੇ ਜਬਰ ਦੇ ਬਾਵਜੂਦ ਅਖਾੜਾ ਪਿੰਡ ਦੇ ਸਿਦਕੀ ਜੁਝਾਰੂ ਕਿਸਾਨ ਮਜ਼ਦੂਰ ਮਰਦ-ਔਰਤਾਂ ਅਤੇ ਕਾਫ਼ਲੇ ਬੰਨ੍ਹ ਕੇ ਆ ਰਹੇ ਜਥੇਬੰਦਕ ਕਾਰਕੁੰਨ ਮੋਰਚੇ ਵਿੱਚ ਡਟੇ ਹੋਏ ਹਨ ਅਤੇ ਸਰਕਾਰੀ ਜਬਰ ਦਾ ਟਾਕਰਾ ਸਬਰ ਨਾਲ ਕਰ ਰਹੇ ਹਨ। ਉਹ ਇਸ ਸੰਘਰਸ਼ੀ ਨਾਹਰੇ ਉੱਤੇ ਪਹਿਰਾ ਦੇ ਰਹੇ ਹਨ ਕਿ "ਇੱਕੋ ਇੱਕ ਠੀਕ ਰਾਹ, ਏਕਤਾ ਤੇ ਸੰਘਰਸ਼ ਦਾ।"ਲੁਧਿਆਣਾ ਜ਼ਿਲ੍ਹੇ ਦੇ ਕਿਸਾਨ ਆਗੂਆਂ ਜਗਤਾਰ ਸਿੰਘ ਦੇਹੜਕਾ, ਇੰਦਰਜੀਤ ਸਿੰਘ ਜਗਰਾਓਂ ਅਤੇ ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਦੇ ਘਰ ਵੀ ਛਾਪੇਮਾਰੀ ਕੀਤੀ ਗਈ ਹੈ।

ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਗ੍ਰਿਫ਼ਤਾਰ ਕੀਤੇ ਕਿਸਾਨ ਆਗੂਆਂ ਸਮੇਤ ਸਾਰੇ ਜੁਝਾਰੂਆਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕੀਤਾ ਜਾਵੇ। ਕਿਸਾਨ ਆਗੂਆਂ ਨੇ ਪੁਲਿਸ ਜਬਰ ਦੇ ਬਾਵਜੂਦ ਮੋਰਚੇ ਵਿੱਚ ਡਟੇ ਹੋਏ ਜੁਝਾਰੂ ਅਖਾੜਾ ਵਾਸੀਆਂ ਅਤੇ ਜਥੇਬੰਦਕ ਕਾਰਕੁਨਾਂ ਦੇ ਸਿਦਕ ਸਿਰੜ ਦੀ ਸ਼ਲਾਘਾ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਦੀ ਜਥੇਬੰਦੀ ਇਸ ਹੱਕੀ ਸੰਘਰਸ਼ ਦੀ ਹਮਾਇਤ ਕਰਦੀ ਹੈ। ਹਕੂਮਤੀ ਜਬਰ ਦੇ ਬਾਵਜੂਦ ਪੇਂਡੂ ਇਲਾਕਿਆਂ ਵਿੱਚ ਪ੍ਰਦੂਸ਼ਣ ਫੈਲਾ ਰਹੀਆਂ ਬਾਇਓ ਗੈਸ ਫ਼ੈਕਟਰੀਆਂ ਬੰਦ ਕਰਵਾਉਣ ਲਈ ਚੱਲ ਰਹੇ ਹੱਕੀ ਸੰਘਰਸ਼ ਰੁਕਣਗੇ ਨਹੀਂ।

# ਪੰਜਾਬ ਸਰਕਾਰ ਵੱਲੋਂ 2016 ਤੋਂ ਪਹਿਲਾਂ ਸੇਵਾਮੁਕਤ ਹੋਏ ਅਧਿਆਪਕਾਂ ਲਈ ਪੈਨਸ਼ਨ ਸੋਧ ਸਬੰਧੀ ਨੋਟੀਫ਼ਿਕੇਸ਼ਨ ਜਾਰੀ

ਚੰਡੀਗੜ੍ਹ–
ਸੂਬੇ ਭਰ ਦੇ ਸੇਵਾਮੁਕਤ ਟੀਚਿੰਗ ਫੈਕਲਟੀ ਨੂੰ ਲਾਭ ਪਹੁੰਚਾਉਣ ਸਬੰਧੀ ਅਹਿਮ ਫੈਸਲਾ ਲੈਂਦਿਆਂ ਪੰਜਾਬ ਸਰਕਾਰ ਨੇ 7ਵੇਂ ਯੂ.ਜੀ.ਸੀ. ਤਨਖਾਹ ਸਕੇਲਾਂ ਅਨੁਸਾਰ ਸਰਕਾਰੀ ਕਾਲਜਾਂ/ਯੂਨੀਵਰਸਿਟੀਆਂ ਵਿੱਚ 1 ਜਨਵਰੀ, 2016 ਤੋਂ ਪਹਿਲਾਂ ਸੇਵਾਮੁਕਤ ਹੋਏ ਅਧਿਆਪਕਾਂ ਅਤੇ ਹੋਰ ਟੀਚਿੰਗ ਫੈਕਲਟੀ ਲਈ ਪੈਨਸ਼ਨ ਅਤੇ ਪਰਿਵਾਰਕ ਪੈਨਸ਼ਨ ਵਿੱਚ ਸੋਧ ਨੂੰ ਮਨਜ਼ੂਰੀ ਦਿੱਤੀ ਹੈ।ਇਹ ਸੋਧ 1 ਜਨਵਰੀ, 2016 ਤੋਂ ਲਾਗੂ ਹੋਵੇਗੀ। ਇਸ ਸਬੰਧੀ ਨੋਟੀਫ਼ਿਕੇਸ਼ਨ ਜਾਰੀ ਕੀਤਾ ਜਾ ਚੁੱਕਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੋਧੀ ਪੈਨਸ਼ਨ ਨਾਲ ਲਗਭਗ 500 ਸੇਵਾਮੁਕਤ ਟੀਚਿੰਗ ਪੇਸ਼ੇਵਰਾਂ ਨੂੰ ਲਾਭ ਹੋਵੇਗਾ, ਜਿਨ੍ਹਾਂ ਵਿੱਚ 400 ਪੈਨਸ਼ਨਰ ਅਤੇ 100 ਪਰਿਵਾਰਕ ਪੈਨਸ਼ਨਰ ਸ਼ਾਮਲ ਹਨ, ਜਿਸ ਦੀ ਰਕਮ 38.99 ਕਰੋੜ ਰੁਪਏ ਬਣੇਗੀ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੋਧੀ ਪੈਨਸ਼ਨ 1 ਜਨਵਰੀ, 2016 ਤੋਂ ਪਹਿਲਾਂ ਸੇਵਾਮੁਕਤ ਹੋਏ ਪੈਨਸ਼ਨਰਾਂ ਨੂੰ ਅਦਾ ਕੀਤੀ ਜਾਵੇਗੀ ਜਦੋਂਕਿ 1 ਅਕਤੂਬਰ, 2022 ਤੋਂ ਜਨਵਰੀ 2025 ਤੱਕ ਸੋਧੀ ਪੈਨਸ਼ਨ ਦੇ ਬਕਾਏ ਚਾਰ ਬਰਾਬਰ ਤਿਮਾਹੀ ਕਿਸ਼ਤਾਂ ਵਿੱਚ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਭੁਗਤਾਨ ਵਿੱਤ ਵਿਭਾਗ ਦੇ 7 ਅਪ੍ਰੈਲ, 2025 ਵਾਲੇ ਪੱਤਰ ਵਿੱਚ ਕੀਤੇ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੀਤਾ ਜਾਵੇਗਾ।




ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ, ਪੈਨਸ਼ਨ ਦੀ ਗਣਨਾ (ਕੈਲਕੁਲੇਸ਼ਨ) 1 ਜਨਵਰੀ, 2016 ਨੂੰ ਨਿਰਧਾਰਤ ਨੋਸ਼ਨਲ ਤਨਖਾਹ ਦੇ 50 ਫੀਸਦੀ ਵਜੋਂ ਕੀਤੀ ਜਾਵੇਗੀ ਅਤੇ ਪਰਿਵਾਰਕ ਪੈਨਸ਼ਨ ਉਸੇ ਨੋਸ਼ਨਲ ਤਨਖਾਹ ਦਾ 30 ਫੀਸਦੀ ਹੋਵੇਗੀ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਸਮਾਜ ਵਿੱਚ ਅਧਿਆਪਕਾਂ ਦੇ ਵਡਮੁੱਲੇ ਯੋਗਦਾਨ ਦੇ ਮੱਦੇਨਜ਼ਰ ਅਸੀਂ ਅਧਿਆਪਕ ਵਰਗ ਦੀ ਭਲਾਈ ਅਤੇ ਉਨ੍ਹਾਂ ਦੇ ਬਣਦੇ ਲਾਭ ਪ੍ਰਦਾਨ ਕਰਨ ਲਈ ਵਚਨਬੱਧ ਹਾਂ।"ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਰੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀ ਭਲਾਈ ਲਈ ਸਮਰਪਿਤ ਹੈ।

# ਕਾਨਪੁਰ ਦੇ ਹੋਟਲ ਤੋਂ ਹੇਠਾਂ ਸੁੱਟ ਕੇ ਵਿਦਿਆਰਥੀ ਦੀ ਹੱਤਿਆ ਕਰਨ ਦੇ ਦੋਸ਼ 'ਚ ਦੋਸਤ, ਜਾਂਚ ਸ਼ੁਰੂ

ਸੁਨੀਲ ਬਾਜਪਾਈ
ਕਾਨਪੁਰ। ਇੱਕ ਵਿਦਿਆਰਥਣ ਦੇ ਹੋਟਲ ਤੋਂ ਡਿੱਗ ਕੇ ਮਰਨ ਦੇ ਮਾਮਲੇ ਵਿੱਚ, ਤੁਸੀਂ ਦੋਸਤੋ, ਉਸ ਦੇ ਕਤਲ ਦਾ ਦੋਸ਼ ਲਗਾਇਆ ਗਿਆ ਹੈ, ਜਿਸ ਲਈ ਪੁਲਿਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਘਟਨਾ ਕਾਰਨ ਵਿਦਿਆਰਥੀ ਦੇ ਪਰਿਵਾਰ ਵਿੱਚ ਵੀ ਹਫੜਾ-ਦਫੜੀ ਹੈ। ਇਹ ਘਟਨਾ ਹਰਬੰਸ ਮੁਹੱਲਾ ਥਾਣਾ ਖੇਤਰ ਵਿੱਚ ਸਥਿਤ ਦ ਡ□ਰੀਮਜ਼ ਨਾਲ ਸਬੰਧਤ ਹੈ।



ਪ੍ਰਾਪਤ ਜਾਣਕਾਰੀ ਅਨੁਸਾਰ ਨੌਬਸਤਾ ਥਾਣਾ ਖੇਤਰ ਦੇ ਖਾਦੇਪੁਰ ਵਾਸੀ ਨਰਿੰਦਰ ਕੁਮਾਰ ਗੌਤਮ ਦਾ 22 ਸਾਲਾ ਪੁੱਤਰ ਸ਼ਿਵ ਗੌਤਮ ਰਾਮਾਇਪੁਰ ਦੇ ਸਹਿਦੇਵ ਪ੍ਰਸਾਦ ਮਹਾਵਿਦਿਆਲਿਆ ਵਿੱਚ ਬੀ.ਏ ਦਾ ਵਿਦਿਆਰਥੀ ਸੀ। ਉਸਦੇ ਪਰਿਵਾਰ ਵਿੱਚ ਛੋਟਾ ਭਰਾ ਅਵਨੀਸ਼ ਅਤੇ ਮਾਂ ਮੰਜੂ ਦੇਵੀ ਸ਼ਾਮਲ ਹਨ। ਪਰਿਵਾਰਕ ਮੈਂਬਰਾਂ ਅਨੁਸਾਰ, ਦੋ ਦੋਸਤ ਉਸਨੂੰ ਘਰ ਤੋਂ ਹੋਟਲ ਦ ਡ□ਰੀਮਜ਼ ਇਨ ਲੈ ਗਏ।
ਪਰਿਵਾਰ ਨੇ ਘਟਨਾ ਦੀ ਜਾਂਚ ਕਰ ਰਹੀ ਪੁਲਿਸ ਨੂੰ ਦੱਸਿਆ ਕਿ ਪੁੱਤਰ ਨੂੰ ਸ਼ਰਾਬ ਪਿਲਾਉਣ ਤੋਂ ਬਾਅਦ, ਉਸਨੂੰ ਪਹਿਲੀ ਮੰਜ਼ਿਲ ਤੋਂ ਸੁੱਟ ਦਿੱਤਾ ਗਿਆ ਸੀ। ਹੋਟਲ ਸਟਾਫ ਨੇ ਉਸਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ। ਜਿੱਥੇ ਅੱਜ ਸ਼ਨੀਵਾਰ ਸਵੇਰੇ ਉਸਦੀ ਮੌਤ ਹੋ ਗਈ। ਮ੍ਰਿਤਕ ਦੇ ਪਿਤਾ ਨੇ ਦੋ ਦੋਸਤਾਂ 'ਤੇ ਕਤਲ ਦਾ ਦੋਸ਼ ਲਗਾਇਆ। ਇਸ ਤੋਂ ਬਾਅਦ ਪੁਲਿਸ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਲਈ ਸੀਸੀਟੀਵੀ ਫੁਟੇਜ ਵੀ ਸਕੈਨ ਕੀਤੀ ਜਾ ਰਹੀ ਹੈ।

# ਪਹਿਲਗਾਮ 'ਚ ਮਾਰੇ ਗਏ ਸੈਲਾਨੀਆਂ ਦੀ ਆਤਮਿਕ ਸ਼ਾਂਤੀ ਲਈ ਧਾਰਿਆ ਦੋ ਮਿੰਟ ਦਾ ਮੋਨ ਵਰਤ



ਬਾਘਾਪੁਰਾਣਾ –ਮੋਗਾ ਦੇ ਬਾਘਾ ਪੁਰਾਣਾ ਦੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਬਾਨੀ ਪਿੰਸੀਪਲ ਸ. ਗੁਰਦੇਵ ਸਿੰਘ, ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਦੀ ਅਗਵਾਈ ਵਿੱਚ ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਗਤੀਵਿਧੀਆਂ ਵਿੱਚ ਵੀ ਆਪਣਾ ਯੋਗਦਾਨ ਨਿਭਾ ਰਹੀ ਹੈ ਦੇ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਬੀਤੇ ਦਿਨੀ ਪਹਿਲਗਾਮ ਵਿੱਚ ਮਾਰੇ ਗਏ ਸੈਲਾਨੀਆਂ ਅਤੇ ਆਮ ਲੋਕਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੋਨ ਵਰਤ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਨੇ ਧਰਮ ਦੇ ਨਾਂ ਤੇ ਸੈਲਾਨੀਆਂ ਦੀ ਕੀਤੀ ਗਈ ਹੱਤਿਆ ਜਿਸ ਵਿੱਚ ਕੁਝ ਸਥਾਨਿਕ ਲੋਕ ਵੀ ਸ਼ਾਮਿਲ ਸਨ, ਦੀ ਨਿਖੇਧੀ ਕਰਦਿਆਂ ਕਿਹਾ ਇਸ ਹਮਲੇ ਵਿੱਚ ਮਾਸੂਮ ਨਿਹੱਥੇ ਲੋਕਾਂ ਤੇ ਹਮਲਾ ਮਨੁੱਖਤਾ ਤੇ ਹਮਲਾ ਹੈ। ਸੈਲਾਨੀਆਂ ਤੇ ਹੋਇਆ ਇਹ ਹਮਲਾ ਬਹੁਤ ਕਾਇਰਤਾ ਭਰਿਆ ਹੈ। ਉਨ੍ਹਾ ਕਿਹਾ ਕਿ ਇਸ ਮੌਕੇ ਅਸੀ ਵਿੱਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕਰ ਸਕਦੇ ਹਾਂ। ਕੋਆਰਡੀਨੇਟਰ ਸ਼੍ਰੀ ਮੁਕੇਸ਼ ਅਰੋੜਾ ਨੇ ਇਸ ਸਮੇਂ ਮਾਰੇ ਗਏ ਨਿਰਦੋਸ਼ ਲੋਕਾਂ ਪ੍ਰਤੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਵਿਦਿਆਰਥੀਆ ਨੂੰ ਸੰਬੋਧਨ ਕਰਦਿਆ ਉਨ੍ਹਾਂ ਨੂੰ ਅਜਿਹੀਆਂ ਧਰਮ ਦੇ ਨਾਂ ਤੇ ਚਲਾਈਆ ਕੋਝੀਆਂ ਚਾਲਾਂ ਤੋਂ ਦੂਰ ਰਹਿ ਕੇ ਭਾਈਚਾਰਕ ਸਾਂਝ ਕਾਇਮ ਰੱਖਣ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਪ੍ਰਮਿੰਦਰ ਕੌਰ, ਕੋਆਰਡੀਨੇਟਰ ਮੈਡਮ ਦੀਪਿਕਾ ਮਨਚੰਦਾ, ਮੈਡਮ ਖੁਸ਼ਪ੍ਰੀਤ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ਼ ਸ਼ਾਮਿਲ ਸੀ।

# ਹਾਈਕੋਰਟ ਵੱਲੋਂ ਪੰਜਾਬ ਸਰਕਾਰ ਨੂੰ ਸਿੱਖਿਆ ਦਾ ਅਧਿਕਾਰ ਐਕਟ-2009 ਸਖ਼ਤੀ ਨਾਲ ਲਾਗੂ ਕਰਨ ਦੇ ਹੁਕਮ

ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਦਿੱਤੇ ਗਏ ਨਵੇਂ ਦਿਸ਼ਾ-ਨਿਰਦੇਸ਼ ਕਈ ਬੱਚਿਆਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਲਈ ਲਾਹੇਵੰਦ ਸਾਬਿਤ ਹੋ ਸਕਦੇ ਹਨ। ਹਾਈ ਕੋਰਟ ਨੇ ਨਿੱਜੀ ਸਕੂਲਾਂ ਨੂੰ ਕਿਹਾ ਹੈ ਕਿ ਕਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਲਈ 25 ਫ਼ੀਸਦ ਸੀਟਾਂ ਰਾਖਵੀਆਂ ਰੱਖੀਆਂ ਜਾਣ।
ਹਾਈ ਕੋਰਟ ਨੇ ਸਿੱਖਿਆ ਦਾ ਅਧਿਕਾਰ ਐਕਟ-2009 ਦੇ ਉਪਬੰਧਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਬਾਰੇ ਵੀ ਕਿਹਾ ਹੈ। ਪੰਜਾਬ ਸਰਕਾਰ ਨੂੰ ਅਕਾਦਮਿਕ ਸੈਸ਼ਨ 2025-26 ਤੋਂ ਇਸ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਕਦਮ ਚੁੱਕਣ ਲਈ ਵੀ ਕਿਹਾ ਹੈ।ਦਰਅਸਲ, ਇਹ ਫੈਸਲਾ ਕੇਐੱਸ ਰਾਜੂ ਲੀਗਲ ਟਰੱਸਟ ਵੱਲੋਂ ਪੰਜਾਬ ਸਰਕਾਰ ਦੇ 'ਪੰਜਾਬ ਆਰਟੀਈ ਨਿਯਮ, 2011' ਦੇ ਨਿਯਮ 7(4) ਨੂੰ ਚੁਣੌਤੀ ਦੇਣ ਵਾਲੀ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਦੌਰਾਨ ਆਇਆ।
ਪਟੀਸ਼ਨਕਰਤਾ ਦੀ ਦਲੀਲ ਹੈ ਕਿ ਇਸ ਨਿਯਮ ਕਾਰਨ ਕਮਜ਼ੋਰ ਵਰਗ ਦੇ ਬੱਚੇ ਪ੍ਰਾਈਵੇਟ ਸਕੂਲਾਂ 'ਚ ਦਾਖ਼ਲਾ ਨਹੀਂ ਲੈ ਸਕਦੇ ਤੇ ਇਹ ਸੰਵਿਧਾਨ ਦੀ ਧਾਰਾ 21-ਏ ਅਤੇ ਆਰਟੀਈ ਐਕਟ ਦੇ ਵਿਰੁੱਧ ਹੈ।
ਦੂਜੇ ਪਾਸੇ ਪੰਜਾਬ ਸਰਕਾਰ ਨੇ ਨਿਯਮ 7(4) ਤਹਿਤ ਇਕ ਸ਼ਰਤ ਜੋੜੀ ਹੈ ਕਿ ਇਨ੍ਹਾਂ ਵਰਗਾਂ ਦੇ ਵਿਦਿਆਰਥੀਆਂ ਨੂੰ ਪਹਿਲਾਂ ਸਰਕਾਰੀ ਜਾਂ ਸਹਾਇਤਾ ਪ੍ਰਾਪਤ ਸਕੂਲਾਂ 'ਚ ਦਾਖ਼ਲਾ ਲੈਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਆਮ ਤੌਰ 'ਤੇ ਸਰਕਾਰੀ ਸਕੂਲਾਂ ਦੇ ਬੱਚਿਆਂ ਦਾ ਨਤੀਜਾ ਨਿੱਜੀ ਸਕੂਲਾਂ ਦੇ ਵਿਦਿਆਰਥੀਆਂ ਨਾਲੋਂ ਕਈ ਫ਼ੀਸਦ ਬਿਹਤਰ ਹੁੰਦਾ ਹੈ।
ਸਹੂਲਤਾਂ ਦੀ ਘਾਟ ਕਾਰਨ ਕਈ ਬੱਚੇ ਆਪਣੀ ਲਿਆਕਤ ਦਾ ਸਹੀ ਪ੍ਰਦਰਸ਼ਨ ਨਹੀਂ ਕਰ ਪਾਉਂਦੇ। ਅਜਿਹਾ ਨਹੀਂ ਕਿ ਸਰਕਾਰੀ ਸਕੂਲਾਂ ਵਿਚ ਢਾਂਚਾਗਤ ਸਹੂਲਤਾਂ ਦੀ ਕਮੀ ਹੈ ਪਰ ਕਿਤੇ ਨਾ ਕਿਤੇ ਇਸ ਘਾਟ ਤੋਂ ਵੀ ਮੁਨਕਰ ਨਹੀਂ ਹੋਇਆ ਜਾ ਸਕਦਾ ਹੈ। ਕਈ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿਚ ਵੀ ਮੋਹਰੀ ਸਥਾਨ ਰੱਖਦੇ ਹਨ।




ਪੜ੍ਹਾਈ ਪੱਖੋਂ ਤਾਂ ਕੁਝ ਬੱਚੇ ਅੱਗੇ ਨਿਕਲ ਜਾਂਦੇ ਹਨ ਪਰ ਖੇਡ ਸਹੂਲਤਾਂ ਤੇ ਹੋਰ ਕਈ ਦਿੱਕਤਾਂ ਕਾਰਨ ਉਨ੍ਹਾਂ ਦਾ ਸੰਪੂਰਨ ਵਿਕਾਸ ਨਹੀਂ ਹੁੰਦਾ। ਪੰਜਾਬ 'ਚ ਬਹੁਤ ਸਾਰੇ ਨਿੱਜੀ ਸਕੂਲ ਹਨ ਜੋ ਖੇਡਾਂ, ਸਿੱਖਿਆ ਤੇ ਬੱਚਿਆਂ ਦੇ ਬੌਧਿਕ ਵਿਕਾਸ ਨੂੰ ਕੌਮੀ ਤੇ ਆਲਮੀ ਪੱਧਰ ਦਾ ਬਣਾਉਣ ਲਈ ਅਹਿਮ ਭੂਮਿਕਾ ਨਿਭਾ ਰਹੇ ਹਨ।ਦੂਜੇ ਪਾਸੇ ਸੂਬਾ ਸਰਕਾਰ ਵੀ ਸਰਕਾਰੀ ਸਕੂਲਾਂ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਹਰ ਤਰ੍ਹਾਂ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ। ਨਿੱਜੀ ਸਕੂਲਾਂ ਦੀਆਂ ਵੱਧ ਫੀਸਾਂ ਦੇ ਨਾਲ-ਨਾਲ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨਾਲ ਇਨ੍ਹਾਂ ਸਕੂਲਾਂ ਦੀ ਮਨਮਰਜ਼ੀ 'ਤੇ ਵੀ ਬਾਕਾਇਦਾ ਅੱਖ ਰੱਖੀ ਜਾ ਰਹੀ ਹੈ।ਨਿੱਜੀ ਸਕੂਲਾਂ 'ਚ ਵੇਲੇ ਸਿਰ ਫੀਸ ਨਾ ਭਰ ਸਕਣ ਵਾਲੇ ਬੱਚਿਆਂ ਨੂੰ ਬਾਹਰ ਕਰਨ ਦੇ ਮਾਮਲੇ ਵੀ ਸਾਹਮਣੇ ਆਉਂਦੇ ਰਹੇ ਹਨ। ਦੂਜੇ ਪਾਸੇ ਬਹੁਤ ਸਾਰੇ ਮਾਪੇ ਸਿਰਫ਼ ਆਰਥਿਕ ਕਮਜ਼ੋਰੀਆਂ ਕਾਰਨ ਆਪਣੇ ਬੱਚਿਆਂ ਨੂੰ ਨਿੱਜੀ ਸਕੂਲਾਂ 'ਚ ਪੜ੍ਹਾਉਣ ਤੋਂ ਵਾਂਝੇ ਰਹਿ ਜਾਂਦੇ ਹਨ।
ਅਦਾਲਤ ਦਾ ਇਹ ਫ਼ੈਸਲਾ ਸੂਬੇ ਦੇ ਹਜ਼ਾਰਾਂ ਬੱਚਿਆਂ ਦੇ ਭਵਿੱਖ ਨੂੰ ਨਵਾਂ ਮੋੜ ਦੇਣ 'ਚ ਕਾਰਗਰ ਸਾਬਿਤ ਹੋ ਸਕਦਾ ਹੈ। ਸਰਕਾਰ ਤੇ ਨਿੱਜੀ ਸਕੂਲਾਂ ਦੇ ਪ੍ਰਬੰਧਕਾਂ ਨੂੰ ਚਾਹੀਦਾ ਹੈ ਕਿ ਹਾਈ ਕੋਰਟ ਦੇ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਤੇ ਹੁਕਮਾਂ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇ।
ਆਰਥਿਕ ਪੱਖੋਂ ਕਮਜ਼ੋਰ ਵਰਗਾਂ ਨੂੰ ਇਹ 25% ਦੀ ਸਹੂਲਤ ਦੇਣ ਲਈ ਉਨ੍ਹਾਂ ਨੂੰ ਜਾਗਰੂਕ ਕੀਤਾ ਜਾਵੇ ਤੇ ਇਸ 'ਚ ਪੂਰੀ ਪਾਰਦਰਸ਼ਿਤਾ ਰੱਖੀ ਜਾਵੇ ਤਾਂ ਜੋ ਸਹੀ ਬੱਚਿਆਂ ਨੂੰ ਹੀ ਇਹ ਹੱਕ ਮਿਲੇ। ਵਿਦਿਆਰਥੀ ਵੀ ਦੇਸ਼ ਦੀ ਰੀੜ੍ਹ ਦੀ ਹੱਡੀ ਤਾਂ ਹੀ ਬਣ ਸਕਦੇ ਹਨ ਜੇ ਉਨ੍ਹਾਂ ਨੂੰ ਮਜ਼ਬੂਤੀ ਨਾਲ ਅੱਗੇ ਵਧਣ ਦੇ ਮੌਕੇ ਦਿੱਤੇ ਜਾਣ।

# 70% ਸ਼ਹਿਰੀ ਲੋਕ ਮੋਟਾਪੇ ਤੋਂ ਪੀੜਤ: ਡਾ ਅਮਿਤ ਗਰਗ

ਪਟਿਆਲਾ: ਲੋਕ ਬਾਣੀ ਭਾਰਤ ਦੀ 70 ਫੀਸਦੀ ਸ਼ਹਿਰੀ ਅਬਾਦੀ ਮੋਟਾਪੇ ਦਾ ਸ਼ਿਕਾਰ ਹੈ। ਮੋਟਾਪੇ ਤੋਂ ਪੀੜਤ ਲੋਕਾਂ ਦੀ ਗਿਣਤੀ ਵਾਲੇ ਚੋਟੀ ਦੇ 10 ਦੇਸ਼ਾਂ ਦੀ ਸੂਚੀ ਵਿੱਚ ਭਾਰਤ ਅਮਰੀਕਾ ਅਤੇ ਚੀਨ ਤੋਂ ਪਿੱਛੇ ਤੀਜੇ ਨੰਬਰ 'ਤੇ ਹੈ।

ਪਾਰਕ ਹਸਪਤਾਲ ਵਿਖੇ ਸੀਨੀਅਰ ਐਸੋਸੀਏਟ ਡਾਇਰੈਕਟਰ ਬੈਰੀਐਟ੍ਰਿਕ ਅਤੇ ਮੈਟਾਬੋਲਿਕ ਸਰਜਰੀ ਡਾ ਅਮਿਤ ਗਰਗ ਨੇ ਸਾਂਝਾ ਕੀਤਾ ਕਿ ਭਾਰਤ ਦੀ 30 ਮਿਲੀਅਨ ਬਾਲਗ ਆਬਾਦੀ ਮੋਟਾਪੇ ਤੋਂ ਪੀੜਤ ਹੈ। ਮੋਟਾਪਾ ਵਿਆਪਕ ਤੌਰ 'ਤੇ ਪ੍ਰਚਲਿਤ ਟਾਈਪ-2 ਡਾਇਬਟੀਜ਼ ਦਾ ਮੁੱਖ ਕਾਰਨ ਹੈ ਅਤੇ ਆਮ ਤੌਰ 'ਤੇ ਅਬਸਟਰਟਿਵ ਸਲੀਪ ਐਪਨੀਆ, ਓਸਟੀਓਆਰਥਾਈਟਿਸ, ਡਿਪਰੈਸ਼ਨ, ਮਾਹਵਾਰੀ ਅਨਿਯਮਿਤਤਾ, ਬਾਂਝਪਨ, ਹਰਨੀਆ, ਕੈਂਸਰ ਅਤੇ ਦਿਲ ਦੀ ਅਸਫਲਤਾ ਦਾ ਕਾਰਨ ਬਣਦਾ ਹੈ।

ਸੀਨੀਅਰ ਸਲਾਹਕਾਰ ਜਨਰਲ ਸਰਜਰੀ ਅਤੇ ਮੈਡੀਕਲ ਡਾਇਰੈਕਟਰ ਪਾਰਕ ਹਸਪਤਾਲ ਮੋਹਾਲੀ ਡਾ ਵਿਮਲ ਵਿਭਾਕਰ ਨੇ ਕਿਹਾ, ਇਹ ਇੱਕ ਆਮ ਧਾਰਨਾ ਹੈ ਕਿ ਮੋਟਾਪਾ ਅਮੀਰ ਲੋਕਾਂ ਦੀ ਇੱਕ ਬਿਮਾਰੀ ਹੈ। ਅਸਲ ਵਿੱਚ, ਮੋਟਾਪਾ ਸਿਰਫ ਜ਼ਿਆਦਾ ਖਾਣ ਨਾਲ ਨਹੀਂ ਹੁੰਦਾ, ਸਗੋਂ ਗਲਤ ਖਾਣ-ਪੀਣ ਦੀਆਂ ਆਦਤਾਂ ਨੂੰ ਅਪਣਾਉਣ ਨਾਲ ਵੀ ਹੁੰਦਾ ਹੈ।

ਇਸ ਲਈ, ਮੋਟਾਪਾ ਅਮੀਰ ਅਤੇ ਗਰੀਬ ਦੋਵਾਂ ਨੂੰ ਪੂਰੀ ਤਰ੍ਹਾਂ ਪ੍ਰਭਾਵਿਤ ਕਰ ਸਕਦਾ ਹੈ। 5-10 ਫੀਸਦੀ ਭਾਰ ਘੱਟ ਕਰਨ ਨਾਲ ਵੀ ਮੋਟਾਪੇ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਪਰ, ਅਜਿਹੀਆਂ ਸਥਿਤੀਆਂ ਹੁੰਦੀਆਂ ਹਨ ਜਦੋਂ ਮੋਟਾਪੇ ਨਾਲ ਨਜਿੱਠਣ ਲਈ ਇਕੱਲੇ ਸਰਜਰੀ ਹੀ ਸਭ ਤੋਂ ਵਧੀਆ ਵਿਕਲਪ ਹੁੰਦੀ ਹੈ।

ਸਰਜੀਕਲ ਵਿਕਲਪਾਂ ਬਾਰੇ ਜਾਣਕਾਰੀ ਦਿੰਦਿਆਂ ਡਾ ਅਮਿਤ ਗਰਗ ਨੇ ਦੱਸਿਆ ਕਿ ਮਰੀਜ਼ ਬੈਰੀਏਟ੍ਰਿਕ ਸਰਜਰੀ ਕਰਵਾ ਸਕਦੇ ਹਨ। ਗੈਸਟਰਿਕ ਸਲੀਵ ਗੈਸਟਰੈਕਟੋਮੀ ਵਿੱਚ, ਪੇਟ ਦਾ ਆਕਾਰ ਇੱਕ ਸਟੈਪਲਰ ਦੀ ਵਰਤੋਂ ਕਰਕੇ ਘਟਾਇਆ ਜਾਂਦਾ ਹੈ ਜੋ ਭੋਜਨ ਦੇ ਸੇਵਨ ਨੂੰ ਸੀਮਤ ਕਰਦਾ ਹੈ। ਗੈਸਟ੍ਰਿਕ ਬਾਈਪਾਸ ਸਰਜਰੀ ਵਿੱਚ, ਪੇਟ ਦੀ ਇੱਕ ਛੋਟੀ ਜੇਬ ਬਣਾਉਣ ਲਈ ਅੰਤੜੀਆਂ ਨੂੰ ਸਟੈਪਲ ਕਰਕੇ ਪੇਟ ਦੀ ਸਮਰੱਥਾ ਘਟਾ ਦਿੱਤੀ ਜਾਂਦੀ ਹੈ। ਇਹ ਓਪਰੇਸ਼ਨ ਲੈਪਰੋਸਕੋਪੀ ਦੁਆਰਾ ਕੀਤੇ ਜਾਂਦੇ ਹਨ ਅਤੇ ਕੀਹੋਲ ਸਰਜਰੀਆਂ ਹਨ।

ਬੇਰੀਏਟ੍ਰਿਕ ਸਰਜਰੀ ਮੋਟੇ ਮਰੀਜ਼ਾਂ ਨੂੰ ਭਾਰ ਘਟਾਉਣ ਦੀ ਸਰਜਰੀ ਤੋਂ ਬਾਅਦ ਇੱਕ ਸਾਲ ਦੇ ਅੰਦਰ 60-70% ਵਾਧੂ ਭਾਰ ਘਟਾਉਣ ਵਿੱਚ ਮਦਦ ਕਰਦੀ ਹੈ। ਡਾਇਬਟੀਜ਼ ਸ਼ੁਰੂ ਹੋਣ ਦੇ ਪੰਜ ਸਾਲਾਂ ਦੇ ਅੰਦਰ ਡਾਇਬਟੀਜ਼ ਜਾਂ ਮੈਟਾਬੋਲਿਕ ਸਰਜਰੀ ਕਰਵਾਉਣ ਵਾਲੇ ਮਰੀਜ਼ਾਂ ਵਿੱਚ ਟਾਈਪ 2 ਡਾਇਬਟੀਜ਼ ਦੇ ਠੀਕ ਹੋਣ ਦੀ 90 ਤੋਂ 95 ਪ੍ਰਤੀਸ਼ਤ ਸੰਭਾਵਨਾ ਹੁੰਦੀ ਹੈ।

ਡਾ ਅਮਿਤ ਗਰਗ ਨੇ ਦੱਸਿਆ ਕਿ 2019 ਵਿੱਚ ਭਾਰਤ ਵਿੱਚ 40,000 ਭਾਰ ਘਟਾਉਣ ਦੀਆਂ ਸਰਜਰੀਆਂ ਕੀਤੀਆਂ ਗਈਆਂ ਸਨ, ਜੋ ਕਿ ਸਿਰਫ਼ ਦਸ ਸਾਲ ਪਹਿਲਾਂ 800 ਤੋਂ ਵੱਧ ਸਨ। ਭਾਰਤ ਸਰਕਾਰ ਹੁਣ ਆਪਣੇ 3 ਮਿਲੀਅਨ ਸਰਕਾਰੀ ਕਰਮਚਾਰੀਆਂ ਲਈ ਭਾਰ ਘਟਾਉਣ ਦੀ ਸਰਜਰੀ ਦੇ ਖਰਚੇ ਨੂੰ ਕਵਰ ਕਰਦੀ ਹੈ, ਇਸ ਪ੍ਰਕਿਰਿਆ ਨੂੰ ਗੈਰ-ਅਮੀਰ ਲੋਕਾਂ ਲਈ ਵੀ ਉਪਲਬਧ ਕਰਵਾਉਂਦੀ ਹੈ।

ਇਸ ਤੋਂ ਇਲਾਵਾ, ਅੱਜਕੱਲ੍ਹ ਲਗਭਗ ਸਾਰੀਆਂ ਬੀਮਾ ਕੰਪਨੀਆਂ ਬੈਰੀਏਟ੍ਰਿਕ ਸਰਜਰੀ ਨੂੰ ਵੀ ਕਵਰ ਕਰ ਰਹੀਆਂ ਹਨ। ਅਜਿਹੇ 'ਚ ਪੰਜਾਬ, ਹਰਿਆਣਾ, ਜੰਮੂ-ਕਸ਼ਮੀਰ, ਉਤਰਾਂਚਲ ਅਤੇ ਕੈਨੇਡਾ, ਆਸਟ੍ਰੇਲੀਆ ਅਤੇ ਮੱਧ ਪੂਰਬ ਵਰਗੇ ਵਿਦੇਸ਼ਾਂ ਤੋਂ ਬਹੁਤ ਸਾਰੇ ਮਰੀਜ਼ ਬੈਰੀਏਟ੍ਰਿਕ ਸਰਜਰੀ ਕਰਵਾਉਣ ਲਈ ਟ੍ਰਾਈਸਿਟੀ ਆ ਰਹੇ ਹਨ।

# ਪੈਰਾ ਮੈਡੀਕਲ ਵਿੱਚ ਨਵੀਆਂ ਖੋਜਾਂ ਲਈ ਇੰਟਰਨੈਸ਼ਨਲ ਪੱਧਰ ਤੇ ਕਰਵਾਈ ਗਈ ਕਾਨਫਰੰਸ



ਅੰਮ੍ਰਿਤਸਰ ਲੋਕ ਬਾਣੀ- ਸਿਹਤ ਵਿਭਾਗ ਦੇ ਸਹਿਯੋਗ ਨਾਲ ਖਾਲਸਾ ਕਾਲਜ ਆਫ ਇੰਜੀਨੀਅਰਿਗ ਐਂਡ ਟੈਕਨੋਲੋਜੀ ਵੱਲੋਂ ਡਿਪਾਰਟਮੈਂਟ ਆਫ ਪੈਰਾਮੈਡੀਕਲ ਸਾਇੰਸ ਵੱਲੋਂ ਪੈਰਾਮੈਡੀਕਲ ਵਿੱਚ ਨਵੀਆਂ ਖੋਜਾਂ ਸਬੰਧੀ ਇੱਕ ਇੰਟਰਨੈਸ਼ਨਲ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਅੰਮ੍ਰਿਤਸਰ ਡਾ. ਕਿਰਨਦੀਪ ਕੌਰ ਨੇ ਦੱਸਿਆ ਕਿ ਪੈਰਾਮੈਡੀਕਲ ਸਟਾਫ ਸਿਹਤ ਵਿਭਾਗ ਦੀ ਰੀੜ ਦੀ ਹੱਡੀ ਹੁੰਦੀ ਹੈ। ਇਸ ਲਈ ਪੈਰਾਮੈਡੀਕਲ ਵਿੱਚ ਨਵੀਆਂ ਖੋਜਾਂ ਅਤੇ ਨਵੀਆਂ ਤਕਨੀਕਾਂ ਦੀ ਸ਼ਮੂਲੀਅਤ ਵਧਾਉਣਾ ਬਹੁਤ ਜਰੂਰੀ ਹੈ। ਕਿਉਂਕਿ ਕਿਸੇ ਵੀ ਕਿਸਮ ਦੇ ਇਲਾਜ ਵਿੱਚ ਨਵੀਆਂ ਤਕਨੀਕਾਂ ਅਤੇ ਨਵੀਆਂ ਖੋਜਾਂ ਇਲਾਜ ਨੂੰ ਆਸਾਨ ਬਣਾਉਂਦੀਆਂ ਹਨ। ਜਿਸ ਨਾਲ ਮਰੀਜ਼ ਦੀ ਜਲਦੀ ਰਿਕਵਰੀ ਸੰਭਵ ਹੋ ਸਕਦੀ ਹੈ ਅਤੇ ਇਲਾਜ ਵਿੱਚ ਆਸਾਨੀ ਹੁੰਦੀ। ਇਸ ਅਵਸਰ ਤੇ ਜਿਲਾ ਐਮ ਈ ਆਈ ਓ ਅਮਰਦੀਪ ਸਿੰਘ, ਡਾਇਰੈਕਟਰ ਖਾਲਸਾ ਕਾਲਜ ਆਫ ਇੰਜੀਨੀਅਰਿਗ ਐਂਡ ਟੈਕਨੋਲੋਜੀ ਮੈਡਮ ਮੰਜੂ ਬਾਲਾ,ਰਜੀਵ ਸ਼ਰਮਾ, ਮਤੀਬ ਰਿਸ਼ੀ, ਤੇਜਿੰਦਰਪਾਲ ਸਿੰਘ, ਕਿਰਨਦੀਪ ਕੌਰ, ਬਰਨਾਡਾ ਡੇਵਿਡ, ਵਿਕਾਸ ਜੋਸ਼ੀ, ਰਵਿੰਦਰ ਸਿੰਘ, ਕਰਨਵੀਰ ਸਿੰਘ, ਬਲਵਿੰਦਰ ਸਿੰਘ, ਰੀਤੀ, ਤਾਨੀਆ, ਪੂਜਾ ਸਲੋਨੀ, ਡੀਨ ਮੈਮ, ਯੂਨੀਸ ਅਤੇ ਮਜੀਦ ਸਮੇਤ ਸਮੂਹ ਸਟਾਫ ਹਾਜ਼ਰ ਸਨ।

# ਲਿਟਲ ਫਲਾਵਰ ਕਾਨਵੈਂਟ ਸਕੂਲ ਦੀਨਾਨਗਰ ਦੇ ਵਿਦਿਆਰਥੀਆਂ ਨੇ ਸੀ. ਆਈ. ਐੱਸ. ਸੀ. ਈ. ਜੋਨਲ ਲੈਵਲ ਖੇਡਾਂ ਦੇ ਮੁਕਾਬਲੇ ਵਿੱਚ ਮੱਲਾਂ ਮਾਰੀਆਂ।

ਦੀਨਾਨਗਰ (ਡਾ.ਰਮੇਸ਼ ਸਰੰਗਲ ) ਗਗਨ ਇੰਟਰਨੈਸ਼ਨਲ ਸਕੂਲ ਪੁਰਾਣਾ ਸ਼ਾਲਾ ਵਿਖੇ ਸ਼ਤਰੰਜ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਜੂਨੀਅਰ, ਸਬ ਜੂਨੀਅਰ ਅਤੇ ਸੀਨੀਅਰ ਕੈਟਾਗਿਰੀ ਦੇ ਵਿਦਿਆਰਥੀਆਂ ਨੇ ਗੋਲਡ ਮੈਡਲ ਪ੍ਰਾਪਤ ਕੀਤੇ। ਲਿਟਲ ਫਲਾਵਰ ਕਾਨਵੈਂਟ ਸਕੂਲ ਗੁਰਦਾਸਪੁਰ ਵਿਖੇ ਪ੍ਰਸ਼ਨ ਪ੍ਰਤੀਯੋਗਤਾ ਦੇ ਮੁਕਾਬਲੇ ਵਿਚ ਸਭ ਜੂਨੀਅਰ ਕੈਟਾਗਿਰੀ ਦੇ ਵਿਦਿਆਰਥੀਆਂ ਨੇ ਤੀਜਾ ਦਰਜਾ ਹਾਸਲ ਕੀਤਾ। ਲਿਟਲ ਫਲਾਵਰ ਕਾਨਵੈਂਟ ਸਕੂਲ ਧਾਰੀਵਾਲ ਵਿਖੇ ਹੋਈ ਭਾਸ਼ਨ ਪ੍ਰਤੀਯੋਗਤਾ ਦੇ ਮੁਕਾਬਲੇ ਸਬ ਜੂਨੀਅਰ ਕੈਟਾਗਿਰੀ ਦੇ ਵਿਦਿਆਰਥੀਆਂ ਨੇ ਦੂਸਰਾ ਦਰਜਾ ਪ੍ਰਾਪਤ ਕੀਤਾ। ਇਹਨਾਂ ਸਭ ਵਿਦਿਆਰਥੀਆਂ ਨੇ ਅਪਣੇ ਹੌਸਲੇ ਅਤੇ ਲਗਨ ਸਦਕਾ ਅਪਣੇ ਸਕੂਲ ਦੇ ਨਾਮ ਨੂੰ ਚਮਕਾਇਆ। ਇਸ ਲਈ ਸਕੂਲ ਦੇ



ਪ੍ਰਿੰਸੀਪਲ ਸਤਿਕਾਰਯੋਗ ਸਿਸਟਰ ਜੋਸ਼ਲੀ ਵੱਲੋ ਇਹਨਾਂ ਵਿਦਿਆਰਥੀਆਂ ਅਤੇ ਇਹਨਾਂ ਦੇ ਅਧਿਆਪਕਾਂ ਨੂੰ ਵਧਾਈ ਦਿੱਤੀ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਓਟ ਕਲੀਨਿਕਾਂ ਵਿੱਚ ਬਾਇਓਮੈਟਰਿਕ ਮਸ਼ੀਨਾਂ ਅਤੇ ਵੈਬ ਕੈਮਰੇ ਲਗਵਾਏ




ਅੰਮ੍ਰਿਤਸਰ ਲੋਕ ਬਾਣੀ-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜਿਲਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਿਹਤ ਵਿਭਾਗ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਓਟ ਕਲੀਨਕਾਂ ਵਿੱਚ ਬਾਇਓਮੈਟਰਿਕ ਮਸ਼ੀਨਾਂ ਅਤੇ ਵੈੱਬ ਕੈਮ ਲਗਾਏ ਜਾ ਰਹੇ ਹਨ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਅਸਿਸਟੈਂਟ ਕਮਿਸ਼ਨਰ ਜਨਰਲ ਮੈਡਮ ਗੁਰਸਿਮਰਨਜੀਤ ਕੌਰ ਅਤੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਵੱਲੋਂ ਕਿਹਾ ਕਿ ਜ਼ਿਲ੍ਹੇ ਭਰ ਦੇ ਸਾਰੇ ਓਟ ਕਲੀਨਿਕਾਂ ਵਿੱਚ ਇਹ ਮਸ਼ੀਨਾਂ ਇੰਸਟਾਲ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਦੱਸਿਆ ਕਿ ਇਹਨਾਂ ਬਾਇਓਮੈਟਰਿਕ ਮਸ਼ੀਨਾਂ ਰਾਹੀਂ ਓਟ ਕਲੀਨਿਕਾਂ ਵਿੱਚ ਦਵਾਈ ਲੈਣ ਵਾਲੇ ਸਾਰੇ ਮਰੀਜ਼ਾਂ ਦੀ ਬਾਓਮੈਟਰਿਕ ਕੀਤੀ ਜਾਵੇਗੀ ਤਾਂ ਜੋ ਇਹ ਦਵਾਈ ਸਹੀ ਮਰੀਜ਼ ਤੱਕ ਪਹੁੰਚ ਸਕੇ ਅਤੇ ਮਰੀਜ਼ਾਂ ਨੂੰ ਲੰਬੀਆਂ ਕਤਾਰਾਂ ਵਿੱਚ ਨਾ ਲੱਗਣਾ ਪਵੇ ਅਤੇ ਮਰੀਜ਼ਾਂ ਨੂੰ ਬੇਲੋੜੀ ਪਰੇਸ਼ਾਨੀ ਤੋ ਬਚਾਇਆ ਜਾ ਸਕੇ। ਇਹ ਮਸ਼ੀਨਾਂ ਐਨਆਈਸੀ ਦੀ ਮਦਦ ਨਾਲ ਡੀਆਈਏ ਮੈਡਮ ਕੁਸਮ ਅਤੇ ਨੈਟਵਰਕ ਇੰਜੀਨੀਅਰ ਦੀ ਮਦਦ ਨਾਲ ਇੰਸਟਾਲ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ ਗੁਰਮੀਤ ਕੌਰ, ਡਾ ਚਰਨਜੀਤ ਕੌਰ, ਸਨ ਫਾਉਂਡੇਸ਼ਨ ਵੱਲੋਂ ਬਲਜੀਤ ਕੌਰ, ਜਿਲਾ ਐਮਆਈਓ ਅਮਰਦੀਪ ਸਿੰਘ ਵੀ ਮੌਜੂਦ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਲਾਇਨ ਗੁਰਦੀਪ ਸਿੰਘ ਕੰਗ ਦੀ ਅਗਵਾਈ 'ਚ ਹੋਇਆ 85ਵੇਂ ਮਾਸਿਕ ਰਾਸ਼ਨ ਵੰਡ ਸਮਾਗਮ ਦਾ ਆਯੋਜਨ

ਫਗਵਾੜਾ ( ਸੁਸ਼ੀਲ ਸ਼ਰਮਾ ) ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਅਤੇ ਬਾਬਾ ਬਾਲਕ ਨਾਥ ਸੇਵਾ ਸਮਿਤੀ ਫਗਵਾੜਾ ਦੇ ਪ੍ਰਧਾਨ ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਦੀ ਅਗਵਾਈ ਹੇਠ, ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ 85ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਆਯੋਜਿਤ ਕੀਤਾ ਗਿਆ। ਜਿਸ ਵਿੱਚ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਲਾਇਨ ਦਵਿੰਦਰ ਪਾਲ ਅਰੋੜਾ ਅਤੇ ਮਨੁੱਖੀ ਅਧਿਕਾਰ ਪ੍ਰੀਸ਼ਦ ਮਹਿਲਾ ਵਿੰਗ ਦੀ ਕੌਮੀ ਉਪ ਪ੍ਰਧਾਨ ਐਡਵੋਕੇਟ ਅਨੂ ਸ਼ਰਮਾ ਮੁੱਖ ਮਹਿਮਾਨਾਂ ਵਜੋਂ ਸ਼ਾਮਲ ਹੋਏ। ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਕੌਂਸਲਰ ਸੀਤਾ ਦੇਵੀ ਅਤੇ ਮਮਤਾ ਖੋਸਲਾ ਕੌਂਸਲਰ, ਸਮਾਜ ਸੇਵੀ ਬੱਬੂ ਮਨੀਲਾ, ਬਾਬਾ ਬਾਲਕ ਨਾਥ ਸੇਵਾ ਸੰਮਤੀ ਸਰਪ੍ਰਸਤ ਧਰਮਪਾਲ ਨਿਸ਼ਚਲ, ਸਰਪ੍ਰਸਤ ਐਸਪੀ ਬਸਰਾ ਅਤੇ ਅਧਿਆਪਕ ਆਗੂ ਵਰਿੰਦਰ ਸਿੰਘ ਕੰਬੋਜ ਹਾਜ਼ਰ ਸਨ। ਸਮਾਗਮ ਦੀ ਆਰੰਭਤਾ ਦੱਖਣੀ ਕਸ਼ਮੀਰ ਦੇ ਪਹਿਲਗਾਮ 'ਚ ਵਾਪਰੇ ਅੱਤਵਾਦੀ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਵਜੋਂ ਦੋ ਮਿੰਟ ਦਾ ਮੌਨ ਧਾਰਣ ਕਰਕੇ ਕੀਤੀ ਗਈ। ਉਪਰੰਤ ਮੁੱਖ ਮਹਿਮਾਨਾਂ ਨੇ 20 ਲੋੜਵੰਦ ਔਰਤਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਿਆ ਅਤੇ ਲਾਇਨ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅੰਨ ਦਾ ਦਾਨ ਬਹੁਤ ਹੀ ਪੁੰਨ ਦਾ ਕੰਮ ਹੈ। ਜਿਸ ਵਿੱਚ ਸਾਰਿਆਂ ਨੂੰ ਯੋਗਦਾਨ





ਪਾਉਣਾ ਚਾਹੀਦਾ ਹੈ। ਉਨ੍ਹਾਂ ਗੁਰਦੀਪ ਸਿੰਘ ਕੰਗ ਅਤੇ ਬਾਬਾ ਬਾਲਕ ਨਾਥ ਸੇਵਾ ਸੰਮਤੀ ਵੱਲੋਂ ਸਮਾਜ ਸੇਵਾ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ। ਕੌਂਸਲਰ ਸੀਤਾ ਦੇਵੀ ਅਤੇ ਮਮਤਾ ਖੋਸਲਾ ਨੇ ਇਹ ਵੀ ਕਿਹਾ ਕਿ ਸਮਾਜ ਦੇ ਸਾਰੇ ਸਮਰੱਥ ਲੋਕਾਂ ਦਾ ਫਰਜ਼ ਬਣਦਾ ਹੈ ਕਿ ਉਹ ਵਿੱਤੀ ਸਮੱਸਿਆਵਾਂ ਨਾਲ ਜੂਝ ਰਹੇ ਲੋਕਾਂ, ਬਿਮਾਰਾਂ ਅਤੇ ਬਜ਼ੁਰਗਾਂ ਨੂੰ ਹਰ ਸੰਭਵ ਮੱਦਦ ਪ੍ਰਦਾਨ ਕਰਨ। ਲਾਇਨ ਗੁਰਦੀਪ ਸਿੰਘ ਕੰਗ ਅਤੇ ਮੰਦਰ ਕਮੇਟੀ ਵੱਲੋਂ ਲਾਇਨ ਦਵਿੰਦਰ ਪਾਲ ਅਰੋੜਾ ਅਤੇ ਐਡਵੋਕੇਟ ਅਨੂ ਸ਼ਰਮਾ ਸਮੇਤ ਸਾਰੇ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਗੁਰਦੀਪ ਸਿੰਘ ਕੰਗ ਨੇ ਸਾਰਿਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਬਾਬਾ ਬਾਲਕ ਨਾਥ ਜੀ ਦੇ ਆਸ਼ੀਰਵਾਦ ਸਦਕਾ ਰਾਸ਼ਨ ਵੰਡ ਸਮੇਤ ਸਮਾਜ ਸੇਵਾ ਦੇ ਕੰਮ ਜਾਰੀ ਰਹਿਣਗੇ। ਲਾਇਨ ਸੁਸ਼ੀਲ ਸ਼ਰਮਾ ਨੇ ਸਟੇਜ ਦੀ ਸੇਵਾ ਬਹੁਤ ਵਧੀਆ ਢੰਗ ਨਾਲ ਨਿਭਾਈ। ਇਸ ਮੌਕੇ ਸ਼ਿਵ ਸ਼ਕਤੀ ਮਾਤਾ ਮੰਦਰ ਦੇ ਪ੍ਰਧਾਨ ਚੰਚਲ ਸੇਠ, ਕੈਸ਼ੀਅਰ ਕਿੱਟੀ ਬਸਰਾ, ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ, ਵਾਈਸ ਪ੍ਰਧਾਨ ਲਾਇਨ ਸੁਮਿਤ ਭੰਡਾਰੀ, ਸਕੱਤਰ ਲਾਇਨ ਦਿਨੇਸ਼ ਖਰਬੰਦਾ, ਕੈਸ਼ੀਅਰ ਲਾਇਨ ਅਜੇ ਕੁਮਾਰ, ਲਾਇਨ ਸਤਵਿੰਦਰ ਸਿੰਘ ਭਮਰਾ ਪੀ.ਆਰ.ਓ., ਲਾਇਨਜ਼ ਕਲੱਬ ਫਗਵਾੜਾ ਹਾਰਮੋਨੀ ਦੇ ਪ੍ਰਧਾਨ ਸਤਨਾਮ ਸਿੰਘ ਰਾਣਾ, ਸ਼ਿਵ ਸੈਨਾ ਅਖੰਡ ਭਾਰਤ ਦੇ ਕੌਮੀ ਪ੍ਰਧਾਨ ਲਾਇਨ ਅਜੇ ਮਹਿਤਾ, ਕਮਲ ਸਰੋਜ ਸੂਬਾ ਪ੍ਰੈਸ ਸਕੱਤਰ ਸ਼ਿਵ ਸੈਨਾ ਯੂ.ਬੀ.ਟੀ., ਲਾਇਨ ਸੰਜੀਵ ਲਾਂਬਾ, ਲਾਇਨ ਵਿਪਨ ਸ਼ਰਮਾ, ਲਾਇਨ ਵਿੱਕੀ ਚੁੰਬਰ, ਲਾਇਨ ਸ਼ਸ਼ੀ ਕਾਲੀਆ, ਪਵਨ ਕਲੂਚਾ, ਮਨੀਸ਼ ਕਨੌਜੀਆ, ਨਵਿਤਾ ਛਾਬੜਾ ਪ੍ਰਧਾਨ ਡਿਵਾਈਨ ਏਂਜਲ ਵੈਲਫੇਅਰ ਸੁਸਾਇਟੀ, ਸੀਮਾ ਰਾਣਾ, ਸਮਾਜ ਸੇਵੀ ਅਮਨਦੀਪ ਕੌਰ ਤੋਂ ਇਲਾਵਾ ਵਿਨੇ ਕੁਮਾਰ ਬਿੱਟੂ, ਰਿਜਨ ਚੇਅਰਮੈਨ ਲਾਇਨ ਚਮਨ ਲਾਲ, ਰਵੀ ਕੁਮਾਰ, ਰਮੇਸ਼ ਸ਼ਿੰਗਾਰੀ, ਹੈਪੀ ਮੱਲ੍ਹਨ, ਅਮਰਜੀਤ ਸਿੰਘ ਬਘਾਣਾ, ਰਮੇਸ਼ ਕਪੂਰ ਆਦਿ ਹਾਜ਼ਰ ਸਨ।

# ਨਿਰਦੋਸ਼ ਅਤੇ ਨਿਹੱਥੇ ਲੋਕਾਂ ਦਾ ਕਤਲ ਕਾਇਰਤਾ ਦੀ ਨਿਸ਼ਾਨੀ, ਪਾਕਿਸਤਾਨ ਨੂੰ ਸਬਕ ਸਿਖਾਉਣਾ ਜ਼ਰੂਰੀ : ਅਸ਼ੋਕ ਭਾਟੀਆ



ਫਗਵਾੜਾ ( ਸੁਸ਼ੀਲ ਸ਼ਰਮਾ ) ਕਸ਼ਮੀਰ ਪ੍ਰਾਚੀਨ ਸਮੇਂ ਤੋਂ ਹੀ ਭਾਰਤ ਦਾ ਅਨਿੱਖੜਵਾਂ ਅੰਗ ਰਿਹਾ ਹੈ। ਕਸ਼ਮੀਰ ਦੀ ਹਵਾ ਵਿੱਚ ਭਾਰਤੀ ਸੱਭਿਅਤਾ ਅਤੇ ਸੱਭਿਆਚਾਰ ਦੀ ਖੁਸ਼ਬੂ ਵੱਗਦੀ ਹੈ। ਇਸ ਲਈ ਪਾਕਿਸਤਾਨ ਦੇ ਹਾਕਮਾਂ ਨੂੰ ਇਹ ਸਮਝਣਾ ਚਾਹੀਦਾ ਕਿ ਕਸ਼ਮੀਰ ਨੂੰ ਹਥਿਆਉਣ ਦਾ ਸੁਪਨਾ ਕਦੇ ਪੂਰਾ ਨਹੀਂ ਹੋਵੇਗਾ ਇਹ ਪ੍ਰਤੀਕਿਰਿਆ ਆਮ ਆਦਮੀ ਪਾਰਟੀ ਜ਼ਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਨੇ ਦੱਖਣੀ ਕਸ਼ਮੀਰ ਦੇ ਪਹਿਲਗਾਮ ਇਲਾਕੇ ਵਿੱਚ ਪਾਕਿਸਤਾਨੀ ਅੱਤਵਾਦੀਆਂ ਵੱਲੋਂ 26 ਨਿਰਦੋਸ਼ ਲੋਕਾਂ ਦੇ ਕਤਲ ਦੀ ਸਖ਼ਤ ਨਿੰਦਾ ਕਰਦੇ ਹੋਏ ਦਿੱਤੀ ਹੈ। ਅਸ਼ੋਕ ਭਾਟੀਆ ਨੇ ਕਿਹਾ ਕਿ ਪਾਕਿਸਤਾਨ ਨੂੰ ਇਸ ਦੀ ਸਜ਼ਾ ਮਿਲਣੀ ਚਾਹੀਦੀ ਹੈ ਕਿਉਂਕਿ ਨਿਹੱਥੇ ਤੇ ਨਿਰਦੋਸ਼ ਸੈਲਾਨੀਆਂ 'ਤੇ ਹਮਲਾ ਕਰਨਾ ਅਤੇ ਉਨ੍ਹਾਂ ਨੂੰ ਮਾਰਨਾ ਕਾਇਰਤਾ ਦੀ ਨਿਸ਼ਾਨੀ ਹੈ। ਕੋਈ ਵੀ ਧਰਮ ਇਸਦੀ ਇਜਾਜ਼ਤ ਨਹੀਂ ਦਿੰਦਾ। ਪਾਕਿਸਤਾਨ ਨੂੰ ਆਪਣੇ ਕੀਤੇ ਦੀ ਸਜ਼ਾ ਜ਼ਰੂਰ ਮਿਲੇਗੀ। ਪੂਰੇ ਦੇਸ਼ ਅਤੇ ਆਮ ਆਦਮੀ ਪਾਰਟੀ ਸਮੇਤ ਦੇਸ਼ ਦੀ ਹਰ ਸਿਆਸੀ ਪਾਰਟੀ ਦੀ ਸਿਖਰਲੀ ਲੀਡਰਸ਼ਿਪ ਨੇ ਕੇਂਦਰ ਸਰਕਾਰ ਨੂੰ ਖੁੱਲ੍ਹੀ ਛੁੱਟੀ ਦੇ ਦਿੱਤੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਇਸ ਵਾਰ ਪਾਕਿਸਤਾਨ ਨੂੰ ਸਖ਼ਤ ਸਬਕ ਸਿਖਾਇਆ ਜਾਵੇਗਾ। ਤਾਂ ਜੋ ਭਵਿੱਖ ਵਿੱਚ ਉਹ ਅਜਿਹਾ ਅਣਮਨੁੱਖੀ ਅਪਰਾਧ ਕਰਨ ਦੀ ਕਲਪਨਾ ਵੀ ਨਾ ਕਰ ਸਕੇ।

# ਸਰਬ ਨੌਜਵਾਨ ਸਭਾ ਦੀ 'ਆਓ ਪੁੰਨ ਕਮਾਈਏ' ਮੁਹਿਮ ਸ਼ਲਾਘਾਯੋਗ - ਐਸ.ਡੀ.ਓ. ਚੱਟਾਨੀ

ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ 'ਆਓ ਪੁੰਨ ਕਮਾਈਏ' ਲੜੀ ਤਹਿਤ ਇਕ ਹੋਰ ਲੋੜਵੰਦ ਬਜੁਰਗ ਦੀ ਅੱਖ ਦਾ ਫਰੀ ਓਪਰੇਸ਼ਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਆਰਥਕ ਸਹਿਯੋਗ ਸਦਕਾ ਕਰਵਾਇਆ ਗਿਆ। ਇਸ ਦੌਰਾਨ ਅੱਖਾਂ ਦੇ ਮਾਹਿਰ ਡਾ: ਤੁਸ਼ਾਰ ਅਗਰਵਾਲ ਦੀ ਟੀਮ ਵਲੋਂ ਬਜੁਰਗ ਨਿਰਮਲ ਹਦੀਆਬਾਦ ਦੀ ਅੱਖ ਦਾ ਸਫਲ ਆਪ੍ਰੇਸ਼ਨ ਕਰਦਿਆਂ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ। ਇਸ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਸੀਵਰੇਜ ਬੋਰਡ ਨਗਰ ਨਿਗਮ ਫਗਵਾੜਾ ਦੇ ਐਸ.ਡੀ.ਓ. ਪਰਦੀਪ ਚੱਟਾਨੀ, ਯੋਧ ਸਿੰਘ ਇੰਚਾਰਜ ਜੀ.ਆਰ.ਪੀ. ਫਗਵਾੜਾ ਅਤੇ ਸੰਤੋਸ਼ ਕੁਮਾਰ ਗੋਗੀ ਜ਼ਿਲ੍ਹਾ ਪ੍ਰਧਾਨ ਐਸ.ਸੀ ਵਿੰਗ 'ਆਪ' ਨੇ ਸਭਾ ਅਤੇ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਐਸ.ਡੀ.ਓ. ਚੱਟਾਨੀ ਨੇ ਕਿਹਾ ਕਿ 'ਆਓ ਪੁੰਨ ਕਮਾਈਏ' ਮੁਹਿਮ ਤਹਿਤ ਲੋੜਵੰਦਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਬਹੁਤ ਵਧੀਆ ਅਤੇ ਸ਼ਲਾਘਾਯੋਗ ਉਪਰਾਲਾ ਹੈ। ਜਿਸ ਨਾਲ ਆਰਥਕ ਤੌਰ ਤੇ ਕਮਜੋਰ ਪਰਿਵਾਰਾਂ ਦੀ ਵੱਡੀ ਮੱਦਦ ਹੁੰਦੀ ਹੈ। ਉਹਨਾਂ ਆਪਣੇ ਵਲੋਂ ਵੀ ਸਭਾ ਨੂੰ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਹਰੇਕ ਸਮਰੱਥ ਵਿਅਕਤੀ ਨੂੰ ਅਜਿਹੇ ਨੇਕ ਕਾਰਜਾਂ ਵਿਚ ਆਪਣਾ ਯੋਗਦਾਨ ਜਰੂਰ ਦੇਣਾ ਚਾਹੀਦਾ ਹੈ। ਇਸ ਦੌਰਾਨ ਡਾ: ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਸੰਭਾਲ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਖਾਂ ਦੀ



ਸੁਰੱਖਿਆ ਬਹੁਤ ਜ਼ਰੂਰੀ ਹੈ। ਅੱਜ ਦੀ ਡਿਜੀਟਲ ਦੁਨੀਆ ਅਤੇ ਮੋਬਾਇਲ ਫੋਨਾਂ ਦੇ ਦੌਰ 'ਚ ਅੱਖਾਂ ਦੀ ਸੰਭਾਲ ਦਾ ਮਹੱਤਵ ਹੋਰ ਵੀ ਜਿਆਦਾ ਹੈ। ਅੱਖਾਂ ਦੀ ਕਿਸੇ ਤਕਲੀਫ ਨੂੰ ਅੱਖੋਂ ਪਰੋਖੇ ਨਹੀਂ ਕਰਨਾ ਚਾਹੀਦਾ। ਉਹਨਾ ਭਰੋਸਾ ਦਿੱਤਾ ਕਿ ਉਹਨਾਂ ਦਾ ਹਸਪਤਾਲ ਵੱਧ ਤੋਂ ਵੱਧ ਲੋੜਵੰਦਾਂ ਦੀਆਂ ਅੱਖਾਂ ਦਾ ਆਪਰੇਸ਼ਨ ਕਰਵਾਉਣ ਵਿੱਚ ਸਭਾ ਅਤੇ ਸੁਸਾਇਟੀ ਨੂੰ ਸਹਿਯੋਗ ਕਰਦਾ ਰਹੇਗਾ। ਸਮਾਜ ਸੇਵਕ ਮਦਨ ਲਾਲ ਤੇ ਲੈਕਚਰਾਰ ਹਰਜਿੰਦਰ ਗੋਗਨਾ ਨੇ ਵੀ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਿਰਫ ਵੱਧਦਾ ਪ੍ਰਦੂਸ਼ਨ ਅੱਖਾਂ ਲਈ ਘਾਤਕ ਨਹੀਂ ਸਗੋਂ ਮੋਬਾਇਲ ਦੀ ਵੱਧ ਵਰਤੋਂ ਵੀ ਹਾਨੀਕਾਰਕ ਹੈ। ਇਸ ਲਈ ਸਮੇਂ ਦੀ ਲੋੜ ਹੈ ਕਿ ਪ੍ਰਦੂਸ਼ਨ ਮੁਕਤ ਵਾਤਾਵਰਣ ਸਿਰਜਣ ਵਿਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਸੰਤੋਸ਼ ਕੁਮਾਰ ਗੋਗੀ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਘੱਟ ਤੋਂ ਘੱਟ ਮੋਬਾਇਲ ਫੋਨ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਲੋੜਵੰਦ ਬਜੁਰਗ ਦੀ ਅੱਖ 'ਚ ਫੋਲਡੇਬਲ ਲੈਨਜ ਪਾਇਆ ਗਿਆ ਹੈ। ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ ਨੇ ਸਭਾ ਦੇ ਪ੍ਰੋਜੈਕਟਾਂ ਬਾਰੇ ਪਤਵੰਤਿਆਂ ਅਤੇ ਹਾਜਰੀਨ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਨਰਿੰਦਰ ਸੈਣੀ, ਗੁਰਦੀਪ ਸਿੰਘ ਤੁਲੀ ਕੋਆਰਡੀਨੇਟਰ ਵਪਾਰ ਸੈਲ ਫਗਵਾੜਾ, ਰਾਕੇਸ਼ ਕੋਛੜ, ਪ੍ਰਵਾਸੀ ਭਾਰਤੀ ਮਦਨ ਲਾਲ ਕੋਰੋਟਾਨਿਆ, ਮੈਡਮ ਸਪਨਾ ਸ਼ਾਰਦਾ, ਜੀਤ ਰਾਮ ਟਿੰਬੀ, ਸਤੀਸ਼ ਬੰਟੀ ਆਪ ਆਗੂ ਤੇ ਗੁਲਸ਼ਨ ਕਪੂਰ ਆਦਿ ਹਾਜਰ ਸਨ।

# ਡਿਵਾਈਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਜੇ.ਈ.ਈ. ਮੇਨ ਪ੍ਰੀਖਿਆ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ







ਫਗਵਾੜਾ ( ਸੁਸ਼ੀਲ ਸ਼ਰਮਾ ) ਡਿਵਾਈਨ ਪਬਲਿਕ ਸਕੂਲ ਫਗਵਾੜਾ ਦੇ ਵਿਦਿਆਰਥੀਆਂ ਨੇ ਜੇਈਈ ਮੇਨ ਪ੍ਰੀਖਿਆ 'ਚ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਰੇਣੂ ਠਾਕੁਰ ਨੇ ਦੱਸਿਆ ਕਿ ਪ੍ਰੀਤਾਂਸ਼ ਜੈਨ ਪੁੱਤਰ ਰਾਕੇਸ਼ ਜੈਨ ਨੇ ਸਭ ਤੋਂ ਵੱਧ 98.7, ਵੈਭਵ ਅਗਰਵਾਲ ਪੁੱਤਰ ਸੁਮਿਤ ਅਗਰਵਾਲ ਨੇ 93.07, ਜਦਕਿ ਉਂਕਾਰ ਸਿੰਘ ਬਾਂਸਲ ਪੁੱਤਰ ਅਮਰਜੀਤ ਸਿੰਘ ਨੇ 82.15 ਪਰਸੇਂਟਾਇਲ ਪ੍ਰਾਪਤ ਕਰਕੇ ਸਕੂਲ ਪੱਧਰ 'ਤੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਵਿਦਿਆਰਥੀਆਂ ਦੀ ਪ੍ਰਾਪਤੀ ਲਈ ਸਮੁੱਚੇ ਸਕੂਲ ਸਟਾਫ਼ ਅਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਸਕੂਲ ਪਰਿਵਾਰ ਲਈ ਬਹੁਤ ਮਾਣ ਦਾ ਪਲ ਹੈ। ਇਸ ਦੌਰਾਨ ਸਕੂਲ ਦੇ ਚੇਅਰਮੈਨ ਪੰਕਜ ਕਪੂਰ ਨੇ ਵੀ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਉੱਜਵਲ ਭਵਿੱਖ ਲਈ ਆਸ਼ੀਰਵਾਦ ਦਿੱਤਾ। ਉਨ੍ਹਾਂ ਕਿਹਾ ਕਿ ਸਖ਼ਤ ਮਿਹਨਤ, ਲਗਨ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਸਦਕਾ ਵਿਦਿਆਰਥੀਆਂ ਨੇ ਨਾ ਸਿਰਫ਼ ਪ੍ਰੀਖਿਆ ਪਾਸ ਕੀਤੀ ਹੈ ਸਗੋਂ ਉੱਚੇ ਰੈਂਕ ਵੀ ਪ੍ਰਾਪਤ ਕੀਤੇ ਹਨ। ਉਨ੍ਹਾਂ ਨੇ ਵਿਸ਼ਵਾਸ ਨਾਲ ਕਿਹਾ ਕਿ ਉਨ੍ਹਾਂ ਦਾ ਵਿੱਦਿਅਕ ਅਦਾਰਾ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਅਤੇ ਅੱਗੇ ਵੱਧਣ ਦੇ ਸਰਬਉੱਤਮ ਮੌਕੇ ਪ੍ਰਦਾਨ ਕਰਦਾ ਰਹੇਗਾ। ਇਸ ਮੌਕੇ ਸਮੂਹ ਸਕੂਲ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਭਗਵੰਤ ਮਾਨ ਸਰਕਾਰ ਦੱਸੇ ਸਿੱਖਿਆ ਕ੍ਰਾਂਤੀ ਯੋਜਨਾ ਤਹਿਤ ਸਕੂਲਾਂ ਨੂੰ ਕਿੰਨੀ ਗ੍ਰਾਂਟ ਭੇਜੀ - ਐਡਵੋਕੇਟ ਜਰਨੈਲ ਸਿੰਘ

ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਸਬ-ਡਵੀਜਨ 'ਚ ਆਮ ਆਦਮੀ ਪਾਰਟੀ ਦੇ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਅਤੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਯੋਜਨਾ ਤਹਿਤ ਸਰਕਾਰੀ ਸਕੂਲਾਂ 'ਚ ਹੋਈਆਂ ਨਵੀਂਆਂ ਉਸਾਰੀਆਂ ਦੇ ਕੀਤੇ ਜਾ ਰਹੇ ਲੋਕਅਰਪਣ 'ਤੇ ਤਿੱਖਾ ਸਿਆਸੀ ਤੀਰ ਛੱਡਦਿਆਂ ਬਲਾਕ ਕਾਂਗਰਸ ਫਗਵਾੜਾ ਦੇ ਸਪੋਕਸ ਪਰਸਨ ਐਡਵੋਕੇਟ ਜਰਨੈਲ ਸਿੰਘ ਨੇ ਅੱਜ ਭਗਵੰਤ ਮਾਨ ਸਰਕਾਰ ਤੋਂ ਸਵਾਲ ਕੀਤਾ ਹੈ ਕਿ ਸਿੱਖਿਆ ਕ੍ਰਾਂਤੀ ਯੋਜਨਾ ਤਹਿਤ ਹੁਣ ਤੱਕ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਖਜਾਨੇ ਵਿਚੋਂ ਕਿੰਨੀ ਗ੍ਰਾਂਟ ਜਾਰੀ ਕੀਤੀ ਗਈ ਹੈ? ਉਹਨਾਂ ਕਿਹਾ ਕਿ ਪਿੰਡਾਂ 'ਚ ਸਕੂਲਾਂ ਦੀ ਨੁਹਾਰ ਪ੍ਰਵਾਸੀ ਭਾਰਤੀਆਂ ਵਲੋਂ ਭੇਜੀਆਂ ਜਾ ਰਹੀਆਂ ਗ੍ਰਾਂਟਾਂ ਨਾਲ ਬਦਲੀ ਜਾ ਰਹੀ ਹੈ। ਪਰ ਹੈਰਾਨੀ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਆਗੂ ਇਸ ਦਾ ਸਿਹਰਾ ਆਪਣੇ ਅਤੇ ਪੰਜਾਬ ਸਰਕਾਰ ਦੇ ਸਿਰ ਸਜਾਈ ਬੈਠੇ ਹਨ। ਉਹਨਾਂ ਮਖੌਲ ਕਰਦਿਆਂ ਖੁਲਾਸਾ ਕੀਤਾ ਕਿ ਕਈ ਸਕੂਲਾਂ ਦੀਆਂ ਇਮਾਰਤਾਂ ਨੂੰ ਬਣੇ ਤਾਂ ਕਾਫੀ ਸਮਾਂ ਗੁਜਰ ਚੁੱਕਾ ਹੈ ਪਰ ਸਰਕਾਰ ਦੋ ਡੱਬੇ ਰੰਗ ਨਾਲ ਲੀਪਾ-ਪੋਤੀ ਕਰਕੇ ਸਮਾਰਟ ਸਕੂਲ ਐਲਾਨੀ ਜਾ ਰਹੀ ਹੈ ਅਤੇ ਆਪ ਆਗੂ ਕੈਂਚੀਆਂ ਤੇ ਫੀਤੇ ਚੁੱਕੀ ਲੋਕਅਰਪਣ ਕਰਨ ਤੁਰੇ ਫਿਰ ਰਹੇ ਹਨ। ਐਡਵੋਕੇਟ ਜਰਨੈਲ ਸਿੰਘ ਨੇ ਦੱਸਿਆ ਕਿ ਅਸਲ ਸੱਚਾਈ ਤਾਂ ਇਹ ਹੈ ਕਿ ਸਰਕਾਰੀ ਸਕੂਲਾਂ ਵਿਚ ਨਾ ਤਾਂ ਸਟਾਫ ਪੂਰਾ ਹੈ ਤੇ ਨਾ ਹੀ ਇਨਫ੍ਰਾਸਟਕਚਰ ਦਾ ਲੋੜੀਂਦਾ ਪ੍ਰਬੰਧ ਹੈ। ਜਿਸ ਕਰਕੇ ਲੋਕ ਆਪਣੇ ਬੱਚਿਆਂ ਨੂੰ ਮਹਿੰਗੇ ਪ੍ਰਾਈਵੇਟ ਸਕੂਲਾਂ 'ਚ ਪੜ੍ਹਾਉਣ ਲਈ ਮਜਬੂਰ ਹਨ। ਜੇਕਰ ਸਰਕਾਰ ਦੇ ਦਾਅਵੇ ਸੱਚੇ ਹਨ ਤਾਂ ਸਕੂਲ ਟੀਚਰਾਂ ਅਤੇ ਆਪ ਆਗੂਆਂ ਤੇ ਮੰਤਰੀਆਂ ਦੇ ਬੱਚੇ ਸਰਕਾਰੀ ਸਕੂਲਾਂ ਵਿਚ ਕਿਉਂ ਨਹੀਂ ਪੜ੍ਹਾਏ ਜਾ ਰਹੇ। ਉਹਨਾਂ ਕਿਹਾ ਕਿ ਸਰਕਾਰ ਦੇ ਨੁਮਾਇੰਦੇ ਫੋਕੀ ਵਾਹਵਾਹੀ ਖੱਟਣ ਲਈ ਸਕੂਲਾਂ 'ਚ ਖਰਚੀਲੇ ਸਮਾਗਮ ਆਯੋਜਿਤ ਕਰਵਾ ਰਹੇ ਹਨ, ਜਿਸਦਾ ਖਰਚਾ ਵੀ ਸਕੂਲਾਂ ਦੇ ਸਟਾਫ ਅਤੇ ਪੰਚਾਇਤਾਂ ਦੇ ਸਿਰ ਪਾਇਆ ਜਾ ਰਿਹਾ ਹੈ। ਉਹਨਾਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਨੂੰ ਤਾੜਨਾ ਕਰਦਿਆਂ ਕਿਹਾ ਕਿ ਇਹੋ ਜਿਹੀਆਂ ਝੂਠੀਆਂ ਸ਼ੋਹਰਤਾਂ ਦੇ ਚੱਕਰ 'ਚ ਜਿਸ ਤਰ੍ਹਾਂ ਦਿੱਲੀ ਦੀ ਜਨਤਾ ਨੇ ਸਬਕ ਸਿਖਾਇਆ ਹੈ, ਉਸੇ ਤਰ੍ਹਾਂ ਹੁਣ ਪੰਜਾਬ ਦੇ ਲੋਕ ਵੀ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ 'ਚ 'ਆਪ' ਪਾਰਟੀ ਨੂੰ ਸਬਕ ਸਿਖਾਉਣ ਲਈ ਤਿਆਰ ਬੈਠੇ ਹਨ।



# ਸੰਯੁਕਤ ਕਿਸਾਨ ਮੋਰਚੇ ਵੱਲੋਂ ਪਹਿਲਗਾਮ ਦੇ ਵਹਿਸ਼ੀ ਅੱਤਵਾਦੀ ਹਮਲੇ ਦੇ ਕਾਰਨਾਂ ਤੇ ਉਪਾਵਾਂ ਬਾਰੇ ਵਿਚਾਰ ਚਰਚਾ ਕਰਨ ਲਈ ਕਨਵੈਨਸ਼ਨ 28 ਅਪ੍ਰੈਲ ਨੂੰ



ਗੁਰਦਾਸਪੁਰ-ਨਵਨੀਤ ਕੁਮਾਰ - 22 ਅਪ੍ਰੈਲ ਨੂੰ ਜੰਮੂ ਕਸ਼ਮੀਰ ਦੇ ਸੈਰਗਾਹ (ਟੂਰਿਸਟ) ਕੇਂਦਰ ਪਹਿਲਗਾਮ ਵਿਖੇ ਅੱਤਵਾਦੀਆਂ ਨੇ ਅਤਿਅੰਤ ਘਿਨੌਣਾ ਵਹਿਸ਼ੀ ਕਾਰਾ ਕਰਕੇ 27 ਸੈਲਾਨੀ ਸ਼ਹੀਦ ਕਰ ਦਿੱਤੇ ਸਨ। ਇਸ ਦੇ ਬਾਅਦ ਦੇਸ਼ ਵਿੱਚ ਬਹੁਤ ਹੀ ਚਿੰਤਾ ਅਤੇ ਦਹਿਸ਼ਤ ਵਾਲਾ ਮਾਹੌਲ ਬਣਿਆ ਹੋਇਆ ਹੈ।ਕੁਝ ਅਨਸਰ ਇਸ ਨੂੰ ਹਿੰਦੂ ਤੇ ਮੁਸਲਮਾਨਾਂ ਵਿੱਚ ਨਫਰਤ ਫੈਲਾਉਣ ਦਾ ਕੰਮ ਕਰ ਰਹੇ ਹਨ ਪਾਕਿਸਤਾਨ ਅਤੇ ਭਾਰਤ ਵਿੱਚ ਜੰਗ ਦੇ ਅਸਾਰ ਬਣ ਗਏ ਹਨ। ਪਰ ਜੰਗਾਂ ਹਮੇਸ਼ਾ ਲੋਕਾਂ ਦਾ ਹੀ ਨੁਕਸਾਨ ਕਰਦੀਆਂ ਹਨ ਇਸ ਹਾਲਤ ਵਿੱਚ ਸਾਨੂੰ ਕੀ ਕਰਨਾ ਚਾਹੀਦਾ ਹੈ ਕਿ ਹਿੰਦੂ ਮੁਸਲਿਮ ਨਫਰਤ ਨਾ ਵਧੇ। ਜੰਮੂ ਕਸ਼ਮੀਰ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਕਿਵੇਂ ਠਲ ਪਾਈ ਜਾ ਸਕਦੀ ਹੈ ਦੇਸ਼ ਦੇ ਹਾਕਮਾਂ ਨੂੰ ਕੀ ਕਰਨਾ ਚਾਹੀਦਾ ਹੈ। ਇਸ ਬਾਰੇ ਸਮੁੱਚੀ ਵਿਚਾਰ ਚਰਚਾ ਕਰਨ ਲਈ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿਖੇ ਠੀਕ 11 ਵਜੇ ਇੱਕ ਕਨਵੈਨਸ਼ਨ ਕੀਤੀ ਜਾ ਰਹੀ ਹੈ। ਕਿਸਾਨ ਆਗੂਆਂ ਮੱਖਣ ਸਿੰਘ ਕੁਹਾੜ ਲਖਵਿੰਦਰ ਸਿੰਘ ਮੰਜਿਆਂਵਾਲੀ ਸੁਖਦੇਵ ਸਿੰਘ ਭਾਗੋਕਾਵਾਂ ਬਲਵਿੰਦਰ ਸਿੰਘ ਰਾਜੂ ਔਲਖ ਤਰਲੋਕ ਸਿੰਘ ਬਹਿਰਾਮਪੁਰ ਗੁਰਵਿੰਦਰ ਸਿੰਘ ਜੀਵਨ ਚੱਕ ਰਾਜ ਗੁਰਵਿੰਦਰ ਸਿੰਘ ਲਾਡੀ ਗੁਲਜਾਰ ਸਿੰਘ ਬਸੰਤਕੋਟ ਹਰਜੀਤ ਸਿੰਘ ਕਾਹਲੋਂ ਸੁਰਜੀਤ ਸਿੰਘ ਕੋਠੇ ਲਖਵਿੰਦਰ ਸਿੰਘ ਮਰੜ ਆਦਿ ਨੇ ਸਾਂਝੇ ਬਿਆਨ ਵਿੱਚ ਕਿਸਾਨਾਂ ਮਜ਼ਦੂਰਾਂ ਬੁੱਧੀਜੀਵੀਆਂ ਤੇ ਹੋਰ ਜਨਤਕ ਜਥੇਬੰਦੀਆਂ ਨੂੰ ਇਸ ਕਨਵੈਂਸ਼ਨ ਵਿੱਚ ਪੁੱਜਣ ਦੀ ਜੋਰਦਾਰ ਅਪੀਲ ਕੀਤੀ ਹੈ।

# ਸੰਤ ਨਿਰੰਕਾਰੀ ਮਿਸ਼ਨ ਵੱਲੋਂ ਨਿਰਸਵਾਰਥ ਸੇਵਾ ਇੱਕ ਵਿਲੱਖਣ ਸੰਕਲਪ - ਚੱਬੇਵਾਲ

ਫਗਵਾੜਾ ( ਸੁਸ਼ੀਲ ਸ਼ਰਮਾ ) ਨਿਰੰਕਾਰੀ ਮਿਸ਼ਨ ਵਲੋਂ ਪਿਆਰ ਅਤੇ ਭਾਈਚਾਰੇ ਦੀ ਭਾਵਨਾ ਨੂੰ ਉਜਾਗਰ ਕਰਦੇ ਹੋਏ ਹਰ ਸਾਲ ਦੀ ਤਰ੍ਹਾਂ ਬਾਬਾ ਗੁਰਬਚਨ ਸਿੰਘ ਜੀ ਦੀ ਨਿੱਘੀ ਯਾਦ 'ਚ ਸ਼ਰਧਾ ਅਤੇ ਅਧਿਆਤਮਿਕ ਭਾਵਨਾਵਾਂ ਨਾਲ ਭਰੇ ਮਾਹੌਲ ਵਿੱਚ ਮਾਨਵ ਏਕਤਾ ਦਿਵਸ ਮਨਾਇਆ ਗਿਆ। ਇਸ ਦੌਰਾਨ ਸੰਤ ਨਿਰੰਕਾਰੀ ਸਤਿਸੰਗ ਭਵਨ ਫਗਵਾੜਾ ਵਿਖੇ ਇੱਕ ਖੂਨਦਾਨ ਕੈਂਪ ਲਗਾਇਆ ਗਿਆ। ਜਿੱਥੇ ਮਿਸ਼ਨ ਦੇ ਸ਼ਰਧਾਲੂਆਂ ਤੋਂ ਇਲਾਵਾ ਸ਼ਹਿਰ ਦੇ ਹੋਰ ਦਾਨੀ ਸੱਜਣਾਂ ਨੇ 163 ਯੂਨਿਟ ਖੂਨ ਦਾਨ ਕੀਤਾ। ਖੂਨ ਦਾਨੀਆਂ ਨੂੰ ਅਸ਼ੀਰਵਾਦ ਅਤੇ ਸਰਟੀਫਿਕੇਟ ਦੇਣ ਲਈ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ, ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਮੇਅਰ ਰਾਮਪਾਲ ਉੱਪਲ, ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਅਤੇ ਬਲਾਕ ਸੰਮਤੀ ਫਗਵਾੜਾ ਦੇ ਸਾਬਕਾ ਚੇਅਰਮੈਨ ਗੁਰਦਿਆਲ ਸਿੰਘ ਭੁੱਲਾਰਾਈ ਸਮੇਤ ਵੱਡੀ ਗਿਣਤੀ 'ਚ ਪਤਵੰਤਿਆਂ ਨੇ ਹਾਜਰੀ ਲਗਵਾਈ। ਫਗਵਾੜਾ ਬ੍ਰਾਂਚ ਦੇ ਸੰਯੋਜਕ ਮਲਕੀਤ ਚੰਦ ਨੇ ਕਿਹਾ ਕਿ ਇਹ ਦਿਨ ਸਿਰਫ਼ ਚੰਗੇ ਕੰਮਾਂ ਨੂੰ ਯਾਦ ਕਰਨ ਦਾ ਮੌਕਾ ਨਹੀਂ, ਸਗੋਂ ਮਨੁੱਖਤਾ, ਸਦਭਾਵਨਾ ਅਤੇ ਏਕਤਾ ਦਾ ਅਧਿਆਤਮਿਕ ਸੰਗਮ ਵੀ ਹੈ। ਉਹਨਾਂ ਦੱਸਿਆ ਕਿ ਮਾਨਵ ਏਕਤਾ ਦਿਵਸ ਮੌਕੇ ਨਿਰੰਕਾਰੀ ਮਿਸ਼ਨ ਦੇਸ਼ ਭਰ ਵਿੱਚ ਖੂਨਦਾਨ ਮੁਹਿੰਮ ਦੀ ਇੱਕ ਪ੍ਰੇਰਨਾਦਾਇਕ ਲੜੀ ਸ਼ੁਰੂ ਕਰਦਾ ਹੈ, ਜੋ ਕਿ ਨਿਰਸਵਾਰਥ ਸੇਵਾ ਦੀ ਭਾਵਨਾ ਨਾਲ ਕੀਤਾ ਜਾਂਦਾ ਹੈ। ਇਹ ਲੜੀ ਸਾਰਾ ਸਾਲ ਚੱਲਦੀ ਹੈ। ਇਸ ਦੇ ਨਾਲ ਹੀ, ਸਤਿਸੰਗ ਪ੍ਰੋਗਰਾਮਾਂ ਰਾਹੀਂ ਲੋਕਾਂ ਵਿੱਚ ਪਿਆਰ, ਸ਼ਾਂਤੀ ਅਤੇ ਸਦਭਾਵਨਾ ਦੀ ਰੌਸ਼ਨੀ ਵੀ ਫੈਲਾਈ ਜਾਂਦੀ ਹੈ। ਇਸ ਸਾਲ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਨੇ ਪੂਰੇ ਭਾਰਤ ਵਿੱਚ 500 ਤੋਂ ਵੱਧ ਸ਼ਾਖਾਵਾਂ ਵਿੱਚ ਵਿਸ਼ਾਲ ਖੂਨਦਾਨ ਕੈਂਪਾਂ ਦੀ ਇੱਕ ਨਿਰੰਤਰ ਲੜੀ ਦਾ ਆਯੋਜਨ ਕੀਤਾ। ਉਹਨਾਂ ਨੇ ਬਾਬਾ ਗੁਰਬਚਨ ਸਿੰਘ ਜੀ ਦੀ ਦੂਰਅੰਦੇਸ਼ੀ ਸੋਚ ਨੂੰ ਨਮਨ ਕੀਤਾ। ਜਿਹਨਾਂ ਨੇ ਸੱਚ ਦੇ ਗਿਆਨ ਰਾਹੀਂ ਸਮਾਜ ਨੂੰ ਅੰਧਵਿਸ਼ਵਾਸਾਂ ਅਤੇ ਬੁਰਾਈਆਂ ਤੋਂ ਮੁਕਤ ਕੀਤਾ ਅਤੇ ਨਸ਼ਾ ਛੁਡਾਉਣ, ਸਾਦਾ ਵਿਆਹ ਅਤੇ ਨੌਜਵਾਨਾਂ ਨੂੰ ਸਕਾਰਾਤਮਕ ਸੋਚ ਨਾਲ ਜੋੜਨ ਵਰਗੀਆਂ ਲੋਕ ਭਲਾਈ ਮੁਹਿੰਮਾਂ ਲਈ ਸਾਰਾ ਮਨੁੱਖੀ ਜੀਵਨ ਅਰਪਣ ਕੀਤਾ। ਜਿਹਨਾਂ ਤੋਂ ਬਾਅਦ ਉਹਨਾਂ ਦੇ ਪਵਿੱਤਰ ਮਾਰਗਦਰਸ਼ਨ ਨੂੰ ਅੱਗੇ ਵਧਾਉਂਦੇ ਹੋਏ ਬਾਬਾ ਹਰਦੇਵ ਸਿੰਘ ਜੀ ਨੇ ਖੂਨਦਾਨ ਨੂੰ ਮਿਸ਼ਨ ਦੀ ਅਧਿਆਤਮਿਕ ਸੇਵਾ ਦਾ ਇੱਕ ਅਨਿੱਖੜਵਾਂ ਅੰਗ ਬਣਾਇਆ। ਉਹਨਾਂ ਦਾ ਅਮਰ ਸੰਦੇਸ਼ ਸੀ ਕਿ ਖੂਨ ਨਾੜੀਆਂ ਵਿੱਚ ਵੱਗਣਾ ਚਾਹੀਦਾ ਹੈ, ਨਾਲੀਆਂ ਵਿੱਚ ਨਹੀਂ। ਇਹ ਸੰਦੇਸ਼ ਅੱਜ ਵੀ ਹਰ ਨਿਰੰਕਾਰੀ ਸ਼ਰਧਾਲੂ ਦੇ ਦਿਲ ਵਿੱਚ ਸੇਵਾ ਅਤੇ ਸਮਰਪਣ ਦੀ ਪ੍ਰੇਰਨਾ ਦੇ ਰੂਪ ਵਿੱਚ ਜ਼ਿੰਦਾ ਹੈ। ਇਸ ਖੂਨਦਾਨ ਕੈਂਪ ਵਿੱਚ, ਸਿਵਲ ਹਸਪਤਾਲ ਬੰਗਾ ਅਤੇ ਬਲੱਡ ਬੈਂਕ ਫਗਵਾੜਾ ਦੀ ਮਾਹਿਰ ਟੀਮ ਨੇ ਵਢਮੁੱਲਾ ਯੋਗਦਾਨ ਪਾਇਆ। ਪ੍ਰਬੰਧਕਾਂ ਨੇ ਦੱਸਿਆ ਕਿ ਇਹ ਮੈਗਾ ਮੁਹਿੰਮ ਸਿਰਫ਼ ਖੂਨਦਾਨ ਹੀ ਨਹੀਂ ਹੈ, ਸਗੋਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੀ ਦਇਆ, ਸੇਵਾ ਅਤੇ ਏਕਤਾ ਦੇ ਸੰਦੇਸ਼ ਨੂੰ ਜੀਵਨ ਵਿੱਚ ਅਮਲੀ ਤੌਰ ਤੇ ਲਿਆਉਣ ਦਾ ਇੱਕ ਜੀਵੰਤ ਮਾਧਿਅਮ ਹੈ ਜੋ ਸਿਖਾਉਂਦਾ ਹੈ ਕਿ ਮਨੁੱਖਤਾ ਸਭ ਤੋਂ ਵੱਡਾ ਧਰਮ ਹੈ। ਇਸੇ ਤੋਂ ਪ੍ਰੇਰਿਤ ਹੋ ਕੇ ਸੰਤ ਨਿਰੰਕਾਰੀ ਮਿਸ਼ਨ ਮਨੁੱਖਤਾ ਦੀ ਸੇਵਾ ਅਤੇ ਸਮਰਪਣ ਦੇ ਰਸਤੇ 'ਤੇ ਲਗਾਤਾਰ ਅੱਗੇ ਵੱਧ ਰਿਹਾ ਹੈ।







# ਫਗਵਾੜਾ ਪੱਤਰਕਾਰ ਸੰਗਠਨ ਰਜਿ. ਫਗਵਾੜਾ ਵੱਲੋਂ ਪਹਿਲਗਾਮ ਕਾਂਡ ਦੀ ਸਖ਼ਤ ਨਿੰਦਾ



ਫਗਵਾੜਾ, (ਸੁਸ਼ੀਲ ਸ਼ਰਮਾ) ਪਹਿਲਗਾਮ ਵਿੱਚ ਬੀਤੇ ਦਿਨੀਂ ਵਾਪਰੇ ਇੱਕ ਅਤਿ ਦੁੱਖਦਾਇਕ ਘਟਨਾਕ੍ਰਮ ਦੇ ਰੋਸ ਵਿੱਚ ਆਪਣਾ ਦੁਖ ਵਿਅਕਤ ਕਰਨ ਲਈ ਅੱਜ ਫਗਵਾੜਾ ਪੱਤਰਕਾਰ ਸੰਗਠਨ ਰਜਿ. ਫਗਵਾੜਾ ਦੀ ਬੇਹੱਦ ਜ਼ਰੂਰੀ ਮੀਟਿੰਗ ਪ੍ਰਧਾਨ ਡਾ. ਰਮਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੁਸ਼ੀਲ ਸ਼ਰਮਾ, ਕੁਲਦੀਪ ਸਿੰਘ ਨੂਰ, ਮੋਹਿਤ ਸ਼ਰਮਾ, ਨਰਿੰਦਰਪਾਲ ਸਿੰਘ ਮਾਹੀ, ਕਮਲਦੀਪ ਸਿੰਘ, ਜੀਵਨ ਸੰਘਾ, ਪ੍ਰਵੀਨ ਕਨੌਜੀਆ, ਜਸਵਿੰਦਰ ਸਿੰਘ ਭਗਤਪੁਰਾ, ਅਜੇ ਕੋਛੜ, ਰਾਮਮੂਰਤੀ ਲਾਲੀ, ਆਦਿ ਨੇ ਬੀਤੀ 22 ਅਪ੍ਰੈਲ ਨੂੰ ਜੰਮੂ ਕਸ਼ਮੀਰ ਦੇ ਜ਼ਿਲ੍ਹੇ ਅੰਦਰ ਅੱਤਵਾਦੀ ਹਮਲੇ ਵਿੱਚ ਸ਼ਹੀਦ ਹੋਏ ਸੈਲਾਨੀਆਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਉਪਰੋਕਤ ਬੁਲਾਰਿਆਂ ਨੇ ਹਾਜ਼ਰੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੰਮੂ ਕਸ਼ਮੀਰ ਦੇ ਮਿੰਨੀ ਸਵਿਟਰਜ਼ਲੈਂਡ ਵਜੋਂ ਜਾਣੇ ਜਾਂਦੇ ਜਿੱਥੇ ਕੁਦਰਤੀ ਦੇ ਵਰੋਸਾਏ ਸਵਰਗ ਦੀ ਗੋਦ ਦਾ ਆਨੰਦ ਮਾਣਦੇ ਬੇਕਸੂਰ ਲੋਕਾਂ ਨੂੰ ਅੰਨ੍ਹੇਵਾਹ ਗੋਲੀਆਂ ਚਲਾ ਕੇ ਲਾਸ਼ਾਂ ਦੇ ਢੇਰ ਵਿੱਚ ਬਦਲ ਦੇਣਾ ਇੱਕ ਅਕਹਿ ਅਸਹਿ ਬਹੁਤ ਦੁੱਖਦਾਈ ਘਟਨਾ ਹੈ, ਜਿਸ ਨਾਲ ਹਰ ਇਨਸਾਫ਼ ਪਸੰਦ ਵਿਅਕਤੀ ਦਾ ਹਿਰਦਾ ਵਲੂੰਧਰਿਆ ਗਿਆ ਹੈ ਉਨ੍ਹਾਂ ਪੀੜਤ ਪਰਵਾਰਾਂ ਨਾਲ ਦੁੱਖ ਸਾਂਝਾ ਕਰਦੇ ਹੋਏ ਸਰਕਾਰ ਪਾਸੋਂ ਮੰਗ ਕਰਦਿਆ ਦੋਸ਼ੀਆਂ ਖਿਲਾਫ ਸਖਤ ਢੁੱਕਵੀਂ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ। ਫਗਵਾੜਾ ਪੱਤਰਕਾਰ ਸੰਗਠਨ ਦੇ ਅਹੁਦੇਦਾਰਾਂ ਨੇ ਭਾਰਤ ਸਰਕਾਰ ਤੋਂ ਇਹ ਵੀ ਮੰਗ ਕੀਤੀ ਕਿ ਪੀੜਤ ਪਰਿਵਾਰਾਂ ਨੂੰ ਆਰਥਿਕ ਮੱਦਦ ਕਰਨ ਦੇ ਨਾਲ-ਨਾਲ ਪੀੜਤ ਪਰਵਾਰਾਂ ਨੂੰ ਸਰਕਾਰੀ ਨੌਕਰੀ ਵੀ ਦਿੱਤੀ ਜਾਵੇ ਤਾਂ ਜੋ ਜਿਨ੍ਹਾਂ ਪਰਿਵਾਰਾਂ ਦੇ ਕਮਾਈ ਦੇ ਸਰੋਤ ਖਤਮ ਹੋ ਗਏ ਹਨ ਉਹ ਸਰਕਾਰ ਦੀ ਸਹਾਇਤਾ ਨਾਲ ਆਪਣਾ ਅਤੇ ਆਪਣੇ ਪਰਿਵਾਰ ਦਾ ਗੁਜ਼ਾਰਾ ਸਹੀ ਢੰਗ ਨਾਲ ਕਰ ਸੱਕਣ। ਇਸ ਮੌਕੇ ਹਮਲੇ ਵਿੱਚ ਸ਼ਹੀਦ ਹੋਏ ਨਿਰਦੋਸ਼ ਮ੍ਰਿਤਕਾਂ ਲਈ ਦੋ ਮਿੰਟ ਦਾ ਮੌਨ ਰੱਖ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਗਈ।

# ਲੂਈਸ ਬਰੇਲ ਵੈਲਫੇਅਰ ਐਸੋਸੀਏਸ਼ਨ ਫਾਰ ਦਾ ਬਲਾਇੰਡ ਵਲੋਂ 19ਵਾ ਨੇਤਰਹੀਣ ਅਤੇ ਦਿਵਿਆਂਗ ਵਿਅਕਤੀਆਂ ਲਈ

ਫਗਵਾੜਾ ( ਸੁਸ਼ੀਲ ਸ਼ਰਮਾ ) ਲੂਈਸ ਬਰੇਲ ਵੈਲਫੇਅਰ ਐਸੋਸੀਏਸ਼ਨ ਫਾਰ ਦਾ ਬਲਾਇੰਡ ਵਲੋਂ 19ਵਾ ਨੇਤਰਹੀਣ ਅਤੇ ਦਿਵਿਆਂਗ ਵਿਅਕਤੀਆਂ ਲਈ ਰਾਮਗੜ੍ਹੀਆ ਕਾਲਜ ਨੇੜੇ ਸਤਨਾਮ ਪੁਰਾ ਮੁਹੱਲਾ ਫਗਵਾੜਾ ਜ਼ਿਲਾ ਕਪੂਰਥਲਾ ਵਿੱਚ ਦਸਤਾਵੇਜ਼ ਬਣਾਉਣ ਦਾ ਕੈਂਪ ਲਗਾਇਆ ਗਿਆ । ਇਸ ਕੈਂਪ ਵਿੱਚ ਅੰਗਹਿਣਤਾ ਸਰਟੀਫਿਕੇਟ /ਯੂ ਡੀ ਆਈ ਡੀ ਕਾਰਡ- 35, ਰੇਲਵੇ ਕੰਨਸੈਸ਼ਨ ਸਰਟੀਫਿਕੇਟ-40, ਰੇਲਵੇ ਈ-ਕਾਰਡ -40, ਅਧਾਰ ਕਾਰਡ-18, ਆਯੁਸ਼ਮਾਨ ਕਾਰਡ-36,ਪੈਨਸ਼ਨ ਫਾਰਮ- 05 ਭਰੇ ਗਏ । ਇਸ ਕੈਂਪ ਨੂੰ ਲਗਾਉਣ ਲਈ ਮਾਣਯੋਗ 9.1.♥ ਅਫਸਰ ਡਿਪਟੀ ਕਮਿਸ਼ਨਰ ਡਾ; ਅਮਿਤ ਕੁਮਾਰ ਪੰਚਾਲ ਦੇ ਸਹਿਯੋਗ ਨਾਲ ਲਗਾਇਆ ਗਿਆ ।ਇਸ ਦਾ ਉਦਘਾਟਨ ਰਾਮਗੜ੍ਹੀਆ ਸਿਖਿੱਆ ਅਦਾਰਿਆਂ ਵਲੋਂ ਸ੍ਰੀ ਸ਼ੀ.ਆਰ.ਗੌਤਮ (ਐਡਵੋਕੇਟ) ਜੀ ਦੁਆਰਾ ਕੀਤਾ ਗਿਆ। ਇਸ ਦੇ ਨਾਲ - ਨਾਲ ਕੈਂਪ ਨੂੰ ਲਗਾਉਣ ਲਈ ਅੱਖਾਂ ਦੇ ਮਾਹਰ ਡਾਕਟਰ ਸ਼ਾਲੂ ਸਮਰਿਆ,ਹੱਡਿਆਂ ਦੇ ਡਾਕਟਰ ਰਜੇਸ਼ ਚੰਦਰ, ਦਿਮਾਗੀ ਰੋਗਾਂ ਦੇ ਡੱਕਟਰ ਨਿਖਿਲ ਸਿੰਘ ਅਤੇ 5.©." ਡਾਕਟਰ ਬਲਰਾਜ ਕੌਰ, ਐਮ. ਡੀ. ਮੈਡੀਸਨ ਡਾਕਟਰ ਡਾ. ਦਰਸ਼ਨ ਬੱਧਣ, ਯੂ ਡੀ ਆਈ ਡੀ ਕਾਰਡ ਬਣਾਉਣ ਲਈ ਰਮਨਦੀਪ ਕੌਰ, ਆਯੂਸ਼ਮਨ ਕਾਰਡ ਬਣਾਉਣ ਲਈ ਸੀਤਾ ਕੁਮਾਰੀ, 34♦® ਦਫਤਰ



ਤੋਂ ਸੂਪਰਵਾਈਜਰ ਰਾਜਵਿੰਦਰ ਜੀਤ ਕੌਰ ਦੇ ਨਾਲ ਉਹਨਾਂ ਦੇ ਸ਼ਟਾਫ ਦੇ ਨਾਲ ਬਾਕੀ ਸਟਾਫ ਵੀ ਮੌਜੂਦ ਰਹੇ, ਸੇਵਾ ਕੇਂਦਰ ਆਧਾਰ ਕਾਰਡ ਟੀਮ ਤੋ ਗੌਰਵ ਜੀ, ਕੁਲਦੀਪ ਸਿੰਘ ਆਦਿ ਦਾ ਸਹਿਯੋਗ ਮਿਲੀਆ ਅਤੇ ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਮਨਜੀਤ ਸਿੰਘ ਨੇ ਕਾਲਜ ਨੂੰ ਸੇਵਾ ਲਈ ਚੁਣੇ ਜਾਣ ਤੇ ਮਾਣ ਮਹਿਸੂਸ ਕਰਦਿਆ ਇਸ ਵਿੱਚ ਆਪਣੇ ਕਾਲਜ ਵਲੋਂ ਪਾਏ ਜਾਣ ਵਾਲੇ ਯੋਗਦਾਨ ਨੂੰ ਸਮਾਜ ਵੱਲ ਬਣਦੀ ਜ਼ਿਮੇਵਾਰੀ ਨੂੰ ਨਿਭਾਉਣ ਦੀ ਗੱਲ ਕਹੀ। ਅਤੇ ਸੰਸਥਾ ਨੇ ਇਹ ਦਸਿੱਆ ਕਿ ਇਸ ਤਰਾਂ ਦੇ ਕੈਮਪ ਭਵਿੱਖ ਵਿੱਚ ਲਗਦੇ ਰਹਿਣਗੇ। ਪ੍ਰਧਾਨ ਵਿਕਰਾਂਤ ਦੱਤਾ, ਕੈਸ਼ੀਅਰ ਤਜ਼ਿੰਦਰ ਸਿੰਘ, ਸਹਾਇਕ ਸੈਕੇਟਰੀ ਅਵਤਾਰ ਸਿੰਘ, ਸੈਕੇਟਰੀ ਅਨੀਤਾ, ਉਪ ਪ੍ਰਧਾਨ ਅਸ਼ਵਨੀ ਬਖਸ਼ੀ,ਐਡਵਾਇਜ਼ਰ ਬਿਹਾਰੀ ਲਾਲ, ਅਡਜ਼ੈਕਟਿਵ ਮਾਸ਼ਟਰ ਅਮਰੀਕ ਸਿੰਘ, ਗੁਰਸ਼ਰਨਜੀਤ ਸਿੰਘ, ਕਸ਼ਮੀਰ ਸ਼ਿੰਘ, ਪਰਮਜੀਤ ਕੌਰ, ਪੱਲਵੀ। ਐਸ ਡੀ ਓ ਬਲਬੀਰ ਸਿੰਘ, ਐਡਵੋਕੇਟ ਮਨਦੀਪ ਕੁਮਾਰ, ਈ.ਓ ਮੈਡਮ ਗੁਰਪ੍ਰੀਤ ਕੌਰ ਜੰਡੂ,ਐਮ.ਸੀ ਸੁਪਰਡੈਂਟ ਅਸ਼ਵਨੀ ਕੁਮਾਰ, ਮੈਨੇਜਰ ਰੂਪ ਲਾਲ ਜੀ, ਸ੍ਰੀ ਆਸ਼ੀਸ਼ ਗਾਂਧੀ ਜੀ ਸ਼ਾਮਿਲ ਰਹੇ। ਇਸ ਦੇ ਨਾਲ ਨਾਲ ਕੈਪ ਨੂੰ ਸੁਚਾਰੂ ਢੰਗ ਨਾਲ ਚਲਾਉਣ ਕਾਲੇਜ਼ ਦੇ ਪ੍ਰੋਫੈਸਰ ਵੰਦਨਾ ਬੰਸਲ ਜੀ, ਕੌਲਵੀਰ ਕੌਰ ਜੀ, ਹਰਮੀਤ ਕੌਰ ਜੀ, ਰਵੀ ਸੂਰੀ ਜੀ, ਪਰਮਿੰਦਰ ਕੌਰ ਜੀ ਅਤੇ ਐਨ ਐਸ ਐਸ ਅਤੇ ਐਨ ਸੀ ਸੀ ਦੇ ਵਲੇਂਟਿਅਰ ਨਾਲ ਕਾਲੇਜ ਦੇ ਸਟਾਫ ਦਾ ਪੂਰਾ ਸਹਿਯੋਗ ਮਿਲਿਆ

# ਕਾਨਪੁਰ ਵਿੱਚ ਸਕੂਟਰ ਅਤੇ ਬਾਈਕ ਦੀ ਟੱਕਰ ਤੋਂ ਬਾਅਦ ਹੋਈ ਲੜਾਈ ਦੌਰਾਨ ਇੱਕ ਨੌਜਵਾਨ ਦੀ ਮੌਤ ਹੋ ਗਈ।



ਕਾਨਪੁਰ।(ਸੁਨੀਲ ਬਾਜਪਾਈ ) ਤੇਜ਼ ਰਫ਼ਤਾਰ ਕਾਰਨ ਪਹਿਲਾਂ ਇੱਕ ਸਕੂਟਰ ਅਤੇ ਬਾਈਕ ਵਿਚਕਾਰ ਟੱਕਰ ਹੋ ਗਈ ਅਤੇ ਫਿਰ ਲੜਾਈ ਹੋ ਗਈ ਜਿਸ ਦੇ ਬਹਾਨੇ ਇੱਕ ਕਿਸ਼ੋਰ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ ਗਿਆ। ਇਸ ਘਟਨਾ ਤੋਂ ਬਾਅਦ ਉਸਦੇ ਪਰਿਵਾਰ ਵਿੱਚ ਹਫੜਾ-ਦਫੜੀ ਮਚ ਗਈ। ਉੱਥੋਂ ਦੀ ਪੁਲਿਸ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਪੁਲਿਸ ਫਰਾਰ ਮੁਲਜ਼ਮਾਂ ਦੀ ਵੀ ਭਾਲ ਕਰ ਰਹੀ ਹੈ। ਇਹ ਪੂਰੀ ਘਟਨਾ ਕਲਿਆਣਪੁਰ ਥਾਣਾ ਖੇਤਰ ਵਿੱਚ ਵਾਪਰੀ ਜਿੱਥੇ ਨਨਕਾਰੀ ਬਾਗੀਆ ਦਾ ਰਹਿਣ ਵਾਲਾ ਸੁਮਿਤ ਵਾਲਮੀਕੀ (17) ਇੱਕ ਵਿਦਿਆਰਥੀ ਸੀ। ਘਟਨਾ ਦੇ ਸਮੇਂ ਉਹ ਕਿਸੇ ਕੰਮ ਲਈ ਆਪਣੇ ਸਕੂਟਰ 'ਤੇ ਜਾ ਰਿਹਾ ਸੀ। ਇਸ ਦੌਰਾਨ, ਰਸਤੇ ਵਿੱਚ, ਗੁੱਡਾ ਦੇ ਸਾਲੇ ਰਵੀ ਦੀ ਬਾਈਕ ਨਾਲ ਟੱਕਰ ਹੋ ਗਈ। ਟੱਕਰ ਤੋਂ ਬਾਅਦ ਦੋਵਾਂ ਵਿਚਕਾਰ ਝਗੜਾ ਹੋ ਗਿਆ। ਇਸ ਦੌਰਾਨ ਰਵੀ ਨੇ ਸੁਮਿਤ ਦੀ ਕੁੱਟਮਾਰ ਕੀਤੀ। ਘਟਨਾ ਤੋਂ ਬਾਅਦ ਸੁਮਿਤ ਘਰ ਪਹੁੰਚਿਆ ਅਤੇ ਆਪਣੇ ਪਰਿਵਾਰ ਨੂੰ ਸਾਰੀ ਗੱਲ ਦੱਸੀ। ਸੁਮਿਤ ਦੀ ਮਾਂ ਮੰਜੂ ਰਵੀ ਦੇ ਘਰ ਸ਼ਿਕਾਇਤ ਕਰਨ ਗਈ। ਇਸ ਦੌਰਾਨ ਗੁੱਡੂ ਦੀ ਪਤਨੀ ਨੇ ਧਮਕੀ ਦਿੱਤੀ ਕਿ ਜੇਕਰ ਉਸਨੇ ਸ਼ਿਕਾਇਤ ਕੀਤੀ ਤਾਂ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਬਾਅਦ, ਸੁਮਿਤ ਨੂੰ ਰਸਤੇ ਵਿੱਚ ਗੁੱਡੂ ਦੇ ਸਾਲੇ ਰਵੀ, ਆਨੰਦ, ਗੁੰਨੂ ਅਤੇ ਅੱਠ ਤੋਂ ਦਸ ਅਣਪਛਾਤੇ ਸਾਥੀਆਂ ਨੇ ਘੇਰ ਲਿਆ। ਗਾਲ੍ਹਾਂ ਕੱਢਣ ਤੋਂ ਬਾਅਦ, ਗੁੰਡਿਆਂ ਨੇ ਸੁਮਿਤ ਨੂੰ ਲੱਤਾਂ, ਮੁੱਕਿਆਂ, ਸੋਟੀਆਂ ਅਤੇ ਹਾਕੀ ਸਟਿੱਕਾਂ ਨਾਲ ਬੇਰਹਿਮੀ ਨਾਲ ਕੁੱਟਿਆ। ਇਸ ਤੋਂ ਬਾਅਦ ਉਹ ਮੌਕੇ ਤੋਂ ਭੱਜ ਗਿਆ। ਮੌਕੇ 'ਤੇ ਪਹੁੰਚੇ ਪਰਿਵਾਰਕ ਮੈਂਬਰਾਂ ਨੇ ਸੁਮਿਤ ਨੂੰ ਇਲਾਜ ਲਈ ਹੈਲੇਟ ਹਸਪਤਾਲ ਵਿੱਚ ਦਾਖਲ ਕਰਵਾਇਆ। ਜਿੱਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਪੁਲਿਸ ਨੇ ਕਿਹਾ ਕਿ ਰਿਪੋਰਟ ਦਰਜ ਕਰ ਲਈ ਗਈ ਹੈ ਅਤੇ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ।

# ਬੀ ਏ. ਜਮਾਤ ਦੇ ਵਿਦਿਆਰਥੀਆਂ ਲਈ 24 ਅਪ੍ਰੈਲ, 2025 ਨੂੰ ਵਿਦਾਇਗੀ ਪਾਰਟੀ ਅਤੇ ਸ਼ੁਭ ਆਸ਼ੀਸ਼ ਦਿਵਸ ਦਾ ਆਯੋਜਨ ਕੀਤਾ ਗਿਆ

ਫਗਵਾੜਾ- (ਸੁਸ਼ੀਲ ਸ਼ਰਮਾ )
ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੀ ਪ੍ਰਧਾਨਗੀ ਹੇਠ ਸਥਾਨਕ ਹੁਸ਼ਿਆਰਪੁਰ ਰੋਡ 'ਤੇ ਸਥਿਤ ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ, ਫਗਵਾੜਾ ਵਿਖੇ ਬੀ ਏ. ਜਮਾਤ ਦੇ ਵਿਦਿਆਰਥੀਆਂ ਲਈ 24 ਅਪ੍ਰੈਲ, 2025 ਨੂੰ ਵਿਦਾਇਗੀ ਪਾਰਟੀ ਅਤੇ ਸ਼ੁਭ ਆਸ਼ੀਸ਼ ਦਿਵਸ ਦਾ ਆਯੋਜਨ ਕੀਤਾ ਗਿਆ ਅਤੇ ਇਹ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਵਿੱਚ ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ, ਵਾਈਸ ਪ੍ਰਿੰਸੀਪਲ ਡਾ. ਰੁਮਿੰਦਰ ਕੌਰ ਨੂੰ ਪ੍ਰਬੰਧਕ ਕਮੇਟੀ ਵੱਲੋਂ ਪੌਦਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਮਾਡਲਿੰਗ ਜੱਜਾਂ ਦਾ ਪ੍ਰਬੰਧਕ ਟੀਮ ਨੇ ਵਾਤਾਵਰਣ ਦੀ ਸ਼ੁੱਧਤਾ ਦਾ ਪ੍ਰਤੀਕ ਇੱਕ ਪੌਦਾ ਦੇ ਕੇ ਸਵਾਗਤ ਕੀਤਾ। ਵਧਾਈ ਦਿੱਤੀ ਗਈ। ਇਸ ਦੇ ਨਾਲ ਹੀ ਮਾਡਲਿੰਗ ਦਾ ਪਹਿਲਾ ਦੌਰ ਸ਼ੁਰੂ ਹੋਇਆ।



ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੀ ਵਿਦਿਆਰਥਣ ਤਾਨੀਆ ਦੇ ਪੰਜਾਬੀ ਗੀਤ ਨਾਲ ਹੋਈ। ਮਾਡਲਿੰਗ ਦਾ ਦੂਜਾ ਦੌਰ ਉੱਥੋਂ ਸ਼ੁਰੂ ਹੋਇਆ। ਵਿਦਿਆਰਥੀਆਂ ਨੇ ਬੀ.ਵੋਕ ਛੇਵੇਂ ਸਮੈਸਟਰ ਦੀ ਵਿਦਿਆਰਥਣ ਸਾਕਸ਼ੀ ਦੇ ਨਾਚ 'ਤੇ ਨੱਚਿਆ, ਜਦੋਂ ਕਿ ਬੀ.ਏ. ਦੀ ਵਿਦਿਆਰਥਣ ਪ੍ਰਬਲੀਨ ਦਾ ਭਾਸ਼ਣ। ਚੌਥੇ ਸਮੈਸਟਰ ਨੇ ਸਾਰਿਆਂ ਨੂੰ ਭਾਵੁਕ ਕਰ ਦਿੱਤਾ। ਮਾਡਲਿੰਗ ਦਾ ਤੀਜਾ ਦੌਰ ਸ਼ੁਰੂ ਹੋਇਆ। ਇਸ ਮੌਕੇ ਵਿਦਿਆਰਥਣਾਂ ਲਈ ਸੱਭਿਆਚਾਰਕ ਅਤੇ ਮਨੋਰੰਜਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਪ੍ਰੋਗਰਾਮਾਂ ਤੋਂ ਇਲਾਵਾ, ਪੰਜਾਬੀ ਵਿਭਾਗ ਦੇ ਹਰਜਿੰਦਰ ਸਰ ਦੁਆਰਾ ਸੀਨੀਅਰਾਂ ਲਈ ਕਈ ਤਰ੍ਹਾਂ ਦੀਆਂ ਮਜ਼ੇਦਾਰ ਖੇਡਾਂ ਦਾ ਵੀ ਆਯੋਜਨ ਕੀਤਾ ਗਿਆ। ਖੇਡਾਂ ਜਿੱਤਣ ਵਾਲੇ ਵਿਦਿਆਰਥੀਆਂ ਨੂੰ ਤੋਹਫ਼ੇ ਦਿੱਤੇ ਗਏ। ਪੂਰਾ ਕੈਂਪਸ ਸੁੰਦਰ ਅਤੇ ਰੰਗੀਨ ਪੁਸ਼ਾਕਾਂ ਵਿੱਚ ਸਜੇ ਵਿਦਿਆਰਥੀਆਂ ਦੀ ਭੀੜ-ਭੜੱਕੇ ਨਾਲ ਗੂੰਜ ਉੱਠਿਆ।
ਵਿਦਿਆਰਥੀਆਂ ਨੇ ਵੱਖ-ਵੱਖ ਗੀਤਾਂ 'ਤੇ ਪੇਸ਼ਕਾਰੀ ਕੀਤੀ ਜਿਸ ਕਾਰਨ ਉੱਥੇ ਮੌਜੂਦ ਵਿਦਿਆਰਥੀਆਂ ਨੇ ਵੀ ਗੀਤਾਂ 'ਤੇ ਨੱਚਣਾ ਸ਼ੁਰੂ ਕਰ ਦਿੱਤਾ।
ਕਮਲਾ ਨਹਿਰੂ ਕਾਲਜ ਤੋਂ ਡਾ. ਰਿੰਕਾ, ਮੈਡਮ ਮੋਨਿਕਾ, ਮੈਡਮ ਪ੍ਰਿਯੰਕਾ ਨੇ ਮਾਡਲਿੰਗ ਜੱਜਾਂ ਦੀ ਭੂਮਿਕਾ ਨਿਭਾਈ।
ਮਾਡਲਿੰਗ ਜਿਊਰੀ ਦੁਆਰਾ ਨਿਰਣਾ ਕਰਨ ਤੋਂ ਪਹਿਲਾਂ, ਵਿਦਿਆਰਥੀਆਂ ਨੇ ਹਿੰਦੀ ਗੀਤਾਂ 'ਤੇ ਆਪਣੇ ਵਿਸ਼ੇਸ਼ ਡਾਂਸ ਪ੍ਰਦਰਸ਼ਨ ਨਾਲ ਸਾਰਿਆਂ ਨੂੰ ਮੰਤਰਮੁਗਧ ਕਰ ਦਿੱਤਾ।
ਜੱਜਾਂ ਕੇ.ਐਨ.ਸੀ. ਦੁਆਰਾ ਲਏ ਗਏ ਫੈਸਲੇ ਵਿੱਚ। ਇਹ ਖਿਤਾਬ ਅਦਿਤੀ ਕਵਾਤਰਾ ਨੂੰ ਦਿੱਤਾ ਗਿਆ ਸੀ। ਸੁਕਿਰਤੀ ਪਹਿਲੀ ਰਨਰ-ਅੱਪ ਸੀ ਅਤੇ ਓਮਿਕਾ ਦੂਜੀ ਰਨਰ-ਅੱਪ ਸੀ। ਨਮਨ ਨੇ ਮਿਸ ਕਨਫਿਡੈਂਟ ਦਾ ਖਿਤਾਬ ਜਿੱਤਿਆ ਅਤੇ ਅਰਸ਼ਪ੍ਰੀਤ ਨੂੰ ਮਿਸ ਬਿਊਟੀਫੁੱਲ ਡਰੈੱਸ ਨਾਲ ਸਨਮਾਨਿਤ ਕੀਤਾ ਗਿਆ। ਹਿਮਾਂਸ਼ੀ ਨੂੰ ਮਿਸ ਬਿਊਟੀਫੁੱਲ ਸਮਾਈਲ ਦਾ ਖਿਤਾਬ ਮਿਲਿਆ।
ਹਿਮਾਂਸ਼ੀ ਨੇ ਇੱਕ ਭਾਵੁਕ ਵਿਦਾਇਗੀ ਭਾਸ਼ਣ ਵੀ ਦਿੱਤਾ, ਜਿਸ ਵਿੱਚ ਉਸਨੇ ਕਾਲਜ ਵਿੱਚ ਬਿਤਾਏ ਸਮੇਂ ਅਤੇ ਆਪਣੇ ਵਿਕਾਸ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਇਸ ਪ੍ਰੋਗਰਾਮ ਦੀ ਸਮਾਪਤੀ ਇੱਕ ਲਾਈਵ ਭੰਗੜਾ ਪ੍ਰਦਰਸ਼ਨ ਨਾਲ ਹੋਈ।
ਕਾਲਜ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਇਮਤਿਹਾਨਾਂ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਉਨ੍ਹਾਂ ਨੂੰ ਮਿੱਠੀਆਂ ਯਾਦਾਂ ਆਪਣੇ ਨਾਲ ਲੈ ਕੇ ਜਾਣ ਲਈ ਉਤਸ਼ਾਹਿਤ ਕੀਤਾ ਅਤੇ ਯਾਦ ਦਿਵਾਇਆ ਕਿ ਮਜ਼ਬੂਤ ਇੱਛਾ ਸ਼ਕਤੀ ਨਾਲ ਉਹ ਕੁਝ ਵੀ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪ੍ਰਬੰਧਕਾਂ ਦੀ ਵੀ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਦਾ ਅੰਤ ਕਾਲਜ ਦੇ ਵਿਦਿਆਰਥੀਆਂ ਦੁਆਰਾ ਆਪਣੇ ਸੀਨੀਅਰਾਂ ਨਾਲ ਸਾਂਝੇ ਕੀਤੇ ਪਲਾਂ 'ਤੇ ਦਿਖਾਈ ਗਈ ਪੀਪੀਟੀ ਨਾਲ ਹੋਇਆ। ਕਾਲਜ ਦੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਲਈ ਦੁਪਹਿਰ ਦੇ ਖਾਣੇ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ।

# ਐਸ ਐਸ ਪੀ ਨੇ ਹੋਲੇ-ਮੁਹੱਲੇ ਵਿਖੇ ਟ੍ਰੈਕਟਰਾਂ ਅਤੇ ਟਰੱਕਾਂ 'ਤੇ ਸਪੀਕਰਾਂ ਦੀ ਵਰਤੋਂ 'ਤੇ ਲਗਾਈ ਮੁਕੰਮਲ ਪਾਬੰਦੀ

ਅੰਮ੍ਰਿਤਸਰ- ਹੋਲਾ-ਮਹੱਲੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਜਾਣ ਵਾਲੀ ਸੰਗਤ ਕੋਈ ਪਰੇਸ਼ਾਨੀ ਨਾ ਆਵੇ ਅਤੇ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ ਨੂੰ ਧਿਆਨ ਵਿੱਚ ਰੱਖਦੇ ਹੋਏ ਜਿਲ੍ਹਾ ਪੁਲਿਸ ਮੁਖੀ ਨੇ ਟ੍ਰੈਕਟਰਾਂ ਅਤੇ ਟਰੱਕਾਂ 'ਤੇ ਸਪੀਕਰਾਂ ਦੀ ਵਰਤੋਂ 'ਤੇ ਮੁਕੰਮਲ ਪਾਬੰਦੀ ਲਗਾਈ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਸ ਐਸ ਪੀ ਅੰਮ੍ਰਿਤਸਰ ਸ ਮਨਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਸਟੇਸ਼ਨਾਂ ਦੇ ਮੁੱਖ ਅਫਸਰਾਂ ਅਤੇ ਇੰਚਾਰਜ ਟਰੈਫਿਕਾਂ ਰਾਂਹੀ ਟਰੱਕ ਯੂਨੀਅਨਾਂ ਦੇ ਨੁਮਾਇੰਦਿਆਂ ਤੇ ਪੰਚਾਇਤਾਂ ਨੂੰ ਹਦਾਇਤ ਕੀਤਾ ਜਾ ਰਹੀ ਹੈ ਕਿ ਕੋਈ ਵੀ ਡਬਲ ਡੈਕਰ ਟਰੱਕ/ ਵੀਹਕਲ, ਟ੍ਰੈਕਟਰ ਟਰਾਲੀਆਂ ਉੱਤੇ ਲੱਗੇ ਵੱਡੇ ਸਪੀਕਰ, ਮੋਟਰਸਾਇਕਲਾਂ ਉੱਤੇ ਪ੍ਰੈਸ਼ਰ ਹਾਰਨ ਅਤੇ ਬਿਨ੍ਹਾਂ ਸਲੰਸਰ ਮੋਟਰਸਾਇਕਲ ਚਾਲਕਾਂ ਆਦਿ ਨੂੰ ਹੋਲੇ-ਮੁਹੱਲੇ ਦੌਰਾਨ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਜਾਣ ਤੋ ਰੋਕਿਆ ਜਾਵੇ।
ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਟ੍ਰੈਫਿਕ ਨਿਯਮਾਂ ਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ 'ਤੇ ਵੀ ਕਾਰਵਾਈ ਕੀਤੀ ਜਾਵੇ ਅਤੇ ਮੌਕੇ ਉਤੇ ਹੀ ਵਾਹਨਾਂ ਤੋਂ ਅਵਾਜ ਪ੍ਰਦੂਸ਼ਣ ਕਰਨ ਵਾਲੇ ਸਪੀਕਰਾਂ ਨੂੰ ਉਤਾਰ ਕੇ ਅੱਗੇ ਭੇਜਿਆ ਜਾਵੇ।
ਜ਼ਿਲਾ ਪੁਲਿਸ ਮੁਖੀ ਨੇ ਦੱਸਿਆ ਕਿ ਹੋਲੇ-ਮੁਹੱਲੇ ਮੇਲੇ ਦੌਰਾਨ ਦੇਸ਼ ਤੇ ਵਿਦੇਸ਼ ਤੋਂ ਆਉਣ ਵਾਲੀਂ ਸੰਗਤ ਨੂੰ ਸਪੀਕਰਾਂ ਦੀ ਅਵਾਜ ਤੋਂ ਆਉਣ ਵਾਲੀ ਪਰੇਸ਼ਾਨੀ ਨੂੰ ਰੋਕਣ ਲਈ ਇਹ ਫੈਸਲਾ ਲਿਆ ਗਿਆ ਹੈ ਕਿ ਮੇਲੇ ਦੌਰਾਨ ਕਿਸੇ ਵੀ ਸਪੀਕਰ ਵਾਲੇ ਡਬਲ ਡੈਕਰ ਟਰੱਕ/ਵਹੀਕਲ ਦੇ ਜ਼ਿਲ੍ਹੇ ਅੰਦਰ ਚੱਲਣ ਉੱਤੇ ਮੁਕੰਮਲ ਮਨਾਹੀ ਹੋਵੇਗੀ।
ਉਨ੍ਹਾਂ ਸਮੂਹ ਸੰਗਤਾਂ ਨੂੰ ਪੁਲਿਸ ਪ੍ਰਸ਼ਾਸਨ ਵਲੋਂ ਜਾਰੀ ਹਦਾਇਤਾਂ ਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਤਾਂ ਜੋ ਕਿਸੇ ਵੀ ਪੱਧਰ ਉੱਤੇ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।

# ਸਿੱਖਿਆ ਕ੍ਰਾਂਤੀ ਬਦਲੇਗੀ ਆਉਣ ਵਾਲੀਆਂ ਪੀੜੀਆਂ ਦੀ ਤਕਦੀਰ -ਰਿੰਟੂ




ਅੰਮ੍ਰਿਤਸਰ ((ਲੋਕ ਬਾਣੀ)ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਕਰਮਜੀਤ ਸਿੰਘ ਰਿੰਟੂ ਨੇ ਸਰਕਾਰੀ ਐਲੀਮੈਂਟਰੀ ਸਕੂਲ ਤੁੰਗ ਬਾਲਾ ਵਿਖੇ ਬੱਚਿਆਂ ਨੂੰ ਆਧੁਨਿਕ ਕਲਾਸ ਰੂਮ ਸਮਰਪਿਤ ਕਰਦੇ ਹੋਏ ਕੀਤਾ।

ਉਹਨਾਂ ਕਿਹਾ ਕਿ 7 ਅਪ੍ਰੈਲ 2025 ਨੂੰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਸਿੱਖਿਆ ਕ੍ਰਾਂਤੀ ਆਉਣ ਵਾਲੀਆਂ ਪੀੜੀਆਂ ਦੀ ਤਕਦੀਰ ਬਦਲੇਗੀ। ਉਹਨਾਂ ਕਿਹਾ ਕਿ ਲੋੜਵੰਦ ਪਰਿਵਾਰਾਂ ਦੇ ਬੱਚੇ ਜੋ ਕਿ ਮਹਿੰਗੇ ਸਕੂਲਾਂ ਦੀ ਸਿੱਖਿਆ ਤੋਂ ਵਾਂਝੇ ਹੋਣ ਕਾਰਨ ਮੁਕਾਬਲੇਬਾਜ਼ੀ ਵਿੱਚ ਬਹੁਤ ਪਛੜ ਜਾਂਦੇ ਸਨ ਨੂੰ ਹੁਣ ਨਿੱਜੀ ਸਕੂਲਾਂ ਨਾਲੋਂ ਵੀ ਪੜ੍ਹਾਈ ਦਾ ਵਧੀਆ ਮਾਹੌਲ ਸਰਕਾਰੀ ਸਕੂਲਾਂ ਵਿੱਚ ਮਿਲੇਗਾ। ਉਹਨਾਂ ਕਿਹਾ ਕਿ ਬੱਚਿਆਂ ਨੂੰ ਸਕੂਲਾਂ ਵਿੱਚ ਵਧੀਆ ਅਧਿਆਪਕ ਅਤੇ ਬੁਨਿਆਦੀ ਢਾਂਚਾ ਮਿਲਣ ਨਾਲ ਇਸ ਪੀੜੀ ਦੀ ਜੋ ਤਕਦੀਰ ਬਦਲੇਗੀ, ਉਹ ਆਉਣ ਵਾਲੀਆਂ ਕਈ ਸਦੀਆਂ ਤੱਕ ਇਸ ਖਿੱਤੇ ਉੱਤੇ ਆਪਣਾ ਪ੍ਰਭਾਵ ਦੇਵੇਗੀ।

ਉਹਨਾਂ ਕਿਹਾ ਕਿ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਸਦਕਾ ਪੰਜਾਬ ਵਿੱਚ ਸਿੱਖਿਆ ਦੀ ਸੱਚਮੁੱਚ ਕ੍ਰਾਂਤੀਕਾਰੀ ਸ਼ੁਰੂਆਤ ਹੋਈ ਹੈ ਅਤੇ ਮੈਨੂੰ ਖੁਸ਼ੀ ਹੈ ਕਿ ਮੈਂ ਇਸ ਦਾ ਹਿੱਸਾ ਬਣ ਕੇ ਅੰਮ੍ਰਿਤਸਰ ਵਾਸੀਆਂ ਲਈ ਸੇਵਾ ਵਿੱਚ ਯੋਗਦਾਨ ਪਾ ਰਿਹਾ ਹਾਂ। ਇਸ ਮੌਕੇ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਕਟਾਰੀਆ, ਪ੍ਰਿਅੰਕਾ ਸ਼ਰਮਾ,ਰਤੇਸ਼ ਕੁਮਾਰ,ਗੁਲਜਾਰ ਸਿੰਘ ਬਿੱਟੂ ਅਤੇ ਹੋਰ ਅਹੁਦੇਦਾਰ ਵੀ ਹਾਜ਼ਰ ਸਨ।

®✪✣ ▲☨☨▲☼★✡✣✪☨

# ਯੋਧਿਆਂ ਤੇ ਸ਼ਹੀਦਾਂ ਦੀ ਧਰਤੀ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ- ਰਾਜਪਾਲ ਪੰਜਾਬ

ਅੰਮ੍ਰਿਤਸਰ (ਲੋਕ ਬਾਣੀ) ਯੁੱਧ ਨਸ਼ਿਆਂ ਵਿਰੁੱਧ ਦੇ ਸੰਕਲਪ ਨੂੰ ਲੈ ਕੇ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਪੈਦਲ ਮਾਰਚ ਕਰ ਰਹੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੰਮ੍ਰਿਤਸਰ ਜਿਲ੍ਹੇ ਵਿੱਚ ਲਗਾਤਾਰ ਦੂਸਰੇ ਦਿਨ ਪੈਦਲ ਮਾਰਚ ਦੀ ਅਗਵਾਈ ਕਰਦੇ ਹੋਏ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਨਸ਼ੇ ਦੇ ਵਿਰੁੱਧ ਜਹਾਦ ਖੜਾ ਕਰਨ ਲਈ ਉੱਠ ਪੈਣ। ਉਹਨਾਂ ਕਿਹਾ ਕਿ ਪੰਜਾਬ ਜੋ ਆਪਣੀ ਦੇਸ਼ ਭਗਤੀ, ਸੂਰਬੀਰਾਂ, ਸ਼ਹੀਦਾਂ, ਯੋਧਿਆਂ ਦੀਆਂ ਲਾਸਾਨੀ ਕੁਰਬਾਨੀਆਂ ਕਰਕੇ ਜਾਣਿਆ ਜਾਂਦਾ ਹੈ, ਦੀ ਧਰਤੀ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਦੁਸ਼ਮਣ ਦੇਸ਼ ਤੋਂ ਨਸ਼ਾ ਤਸਕਰੀ ਜਾਰੀ ਹੈ ਪਰ ਇਸ ਨੂੰ ਫੜਨ ਲਈ ਸਾਡੀਆਂ ਫੋਰਸਾਂ ਵੀ ਦਿਨ ਰਾਤ ਕੰਮ ਕਰ ਰਹੀਆਂ ਹਨ।

ਉਹਨਾਂ ਕਿਹਾ ਕਿ ਨਸ਼ਾ ਇਸ ਵੇਲੇ ਕੇਵਲ ਪੰਜਾਬ ਦੀ ਹੀ ਸਮੱਸਿਆ ਨਹੀਂ ਬਲਕਿ ਇਹ ਸਾਰੇ ਦੇਸ਼ ਨੂੰ ਆਪਣੇ ਗ੍ਰਿਫਤ ਵਿੱਚ ਲੈ ਰਿਹਾ ਹੈ। ਇਸੇ ਲਈ ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤ ਪੰਜਾਬ ਬਣਾਉਣ ਦੇ ਯਤਨ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਕਿਉਂਕਿ ਸਰਹੱਦੀ ਸੂਬਾ ਹੈ ਅਤੇ ਇਥੋਂ ਨਸ਼ੇ ਦੀ ਤਸਕਰੀ ਆਸਾਨੀ ਨਾਲ ਹੋ ਜਾਂਦੀ ਹੈ, ਇਸ ਲਈ ਦੁਸ਼ਮਣ ਇਸ ਦਾ ਮੌਕਾ ਉਠਾਉਂਦੇ ਹੋਏ ਸਪਲਾਈ ਕਰ ਰਹੇ ਹਨ, ਜਿਸ ਨੂੰ ਰੋਕਣ ਲਈ ਪਹਿਲਾਂ ਵੀ ਸਰਹੱਦ ਉੱਤੇ ਐਂਟੀ ਡਰੋਨ ਸਿਸਟਮ ਲਗਾਏ ਗਏ ਸਨ ਅਤੇ ਹੁਣ ਹੋਰ ਵਧਾਏ ਜਾ ਰਹੇ ਹਨ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੀ ਐਂਟੀ ਡਰੋਨ ਸਿਸਟਮ ਲਗਾਉਣ ਲਈ ਉਪਰਾਲੇ ਕਰ ਰਹੀ ਹੈ।

ਉਹਨਾਂ ਸ਼ਹੀਦ ਭਗਤ ਸਿੰਘ ਗਰੁੱਪ ਆਫ ਕਾਲਜ ਫਤਿਹਗੜ੍ਹ ਚੂੜੀਆਂ ਰੋਡ ਵਿਖੇ ਸਮਾਗਮ ਨੂੰ ਸੰਬੋਧਨ ਕਰਦਿਆਂ ਬੱਚਿਆਂ ਅਤੇ ਮੋਹਤਬਰਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਆਲੇ ਦੁਆਲੇ ਨੂੰ ਨਸ਼ਾ ਮੁਕਤ ਕਰਨ ਲਈ ਯੋਗਦਾਨ ਪਾਉਣ। ਉਨਾ



ਕਿਹਾ ਕਿ ਨਸ਼ਾ ਕੇਵਲ ਮੇਰੇ ਪੈਦਲ ਮਾਰਚ ਨਾਲ ਜਾਂ ਸਰਕਾਰ ਦੀਆਂ ਕੋਸ਼ਿਸ਼ਾਂ ਨਾਲ ਖਤਮ ਨਹੀਂ ਹੋ ਸਕਦਾ, ਇਸ ਨੂੰ ਖਤਮ ਕਰਨ ਲਈ ਜਨਤਾ ਦਾ ਸਾਥ ਹੋਣਾ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਉਣ ਦਾ ਬੀੜਾ ਚੁੱਕਿਆ ਗਿਆ ਹੈ ਅਤੇ ਜਿਸ ਵੀ ਪੰਚਾਇਤ ਨੂੰ ਖੇਡ ਮੈਦਾਨ ਬਣਾਉਣ ਲਈ ਕੋਈ ਸਹਾਇਤਾ ਚਾਹੀਦੀ ਹੈ ਤਾਂ ਉਹ ਡਿਪਟੀ ਕਮਿਸ਼ਨਰ ਦਫਤਰ ਨਾਲ ਰਾਬਤਾ ਕਰ ਸਕਦਾ ਹੈ।

ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਬੱਚਿਆਂ ਨੂੰ ਗੁਰੂ ਘਰਾਂ ਅਤੇ ਮੰਦਰਾਂ ਨਾਲ ਜੋੜਨਾ ਵੀ ਨਸ਼ਾ ਮੁਕਤੀ ਲਈ ਬਹੁਤ ਵੱਡਾ ਉਪਰਾਲਾ ਹੋ ਸਕਦਾ ਹੈ। ਉਹਨਾਂ ਆਪਣੇ ਸਮੇਂ ਦੀਆਂ ਉਦਾਹਰਨਾਂ ਦਿੰਦੇ ਕਿਹਾ ਕਿ ਸਾਡੇ ਵੇਲੇ ਸਾਰੇ ਬੱਚੇ ਆਪਣੇ ਧਾਰਮਿਕ ਅਕੀਦੇ ਅਨੁਸਾਰ ਗੁਰਦੁਆਰਿਆਂ, ਮੰਦਰਾਂ, ਮਸਜਿਦਾਂ ਵਿੱਚ ਜਾਂਦੇ ਸਨ। ਜਿੱਥੋਂ ਉਹਨਾਂ ਦੀ ਧਾਰਮਿਕ ਤ੍ਰਿਪਤੀ ਤਾਂ ਹੁੰਦੀ ਹੀ ਸੀ ਨਾਲ ਸਮਾਜਿਕ ਬੁਰਾਈਆਂ ਤੋਂ ਬਚਣ ਦੀ ਪ੍ਰੇਰਨਾ ਵੀ ਮਿਲਦੀ ਸੀ ਜੋ ਕਿ ਸਾਰੀ ਜ਼ਿੰਦਗੀ ਉਹਨਾਂ ਦੇ ਕੰਮ ਆਉਂਦੀ ਸੀ ਪਰ ਹੁਣ ਬੱਚੇ ਮੋਬਾਈਲਾਂ ਤੱਕ ਸੀਮਤ ਹੋ ਕੇ ਰਹਿ ਗਏ ਹਨ। ਮਾਪੇ ਵੀ ਉਹਨਾਂ ਨੂੰ ਧਾਰਮਿਕ ਸਥਾਨਾਂ ਨਾਲ ਜੋੜਨ ਦੀ ਕੋਸ਼ਿਸ਼ ਨਹੀਂ ਕਰਦੇ, ਇਸ ਤੋਂ ਇਲਾਵਾ ਬੱਚਿਆਂ ਨੂੰ ਖੇਡ ਮੈਦਾਨਾਂ ਤੱਕ ਵੀ ਭੇਜਣ ਦੀ ਹਿੰਮਤ ਬੱਚਿਆਂ ਦੇ ਮਾਪੇ ਨਹੀਂ ਕਰਦੇ, ਜੋ ਕਿ ਕਰਨੀ ਬਹੁਤ ਜਰੂਰੀ ਹੈ। ਉਹਨਾਂ ਕਿਹਾ ਕਿ ਇੱਕ ਚੰਗਾ ਖਿਡਾਰੀ ਕੇਵਲ ਆਪਣੇ ਸਰੀਰ ਦੀ ਸਾਂਭ ਸੰਭਾਲ ਲਈ ਹੀ ਚੌਕਸ ਨਹੀਂ ਹੁੰਦਾ, ਬਲਕਿ ਉਹ ਹਾਰ ਜਿੱਤ ਨੂੰ ਬਰਦਾਸ਼ਤ ਕਰਨ, ਭਾਈਚਾਰਕ ਸਾਂਝ, ਅਨੁਸ਼ਾਸਨ ਵਰਗੇ ਵੱਡੇ ਗੁਣ ਵੀ ਸਿੱਖਦਾ ਹੈ। ਕਈ ਵਾਰ ਬੱਚਿਆਂ ਦੀ ਇਹ ਪਰਵਾਜ ਅੰਤਰਰਾਸ਼ਟਰੀ ਖੇਡ ਮੈਦਾਨਾਂ ਤੱਕ ਵੀ ਪਹੁੰਚ ਜਾਂਦੀ ਹੈ ਜੋ ਕਿ ਉਸ ਪਰਿਵਾਰ ਦਾ ਹੀ ਨਹੀਂ ਬਲਕਿ ਦੇਸ਼ ਦਾ ਨਾਮ ਰੌਸ਼ਨ ਕਰ ਜਾਂਦੇ ਹਨ।

ਇਸ ਮੌਕੇ ਵੱਡੀ ਗਿਣਤੀ ਵਿੱਚ ਬੱਚਿਆਂ ਨੇ ਪੈਦਲ ਮਾਰਚ ਵਿੱਚ ਹਿੱਸਾ ਲਿਆ। ਯਾਤਰਾ ਦੇ ਦੌਰਾਨ ਸ਼ਹੀਦ ਭਗਤ ਸਿੰਘ ਗਰੁੱਪ ਆਫ ਕਾਲਜ ਦੇ ਡਾਇਰੈਕਟਰ ਮੈਡਮ ਅਲਕਾ ਅਰੋੜਾ,ਪ੍ਰਿੰਸੀਪਲ ਸਚਿਨ ਸਾਗਰ,ਵਾਈਸ ਪ੍ਰਿੰਸੀਪਲ ਅਮ੍ਰਿਤਾ ਰੈਣਾ ਸਮੇਤ ਹੋਰਨਾ ਸਕੂਲਾਂ ਦੇ ਮੁੱਖ ਪ੍ਰਬੰਧਕਾਂ, ਸਟਾਫ ਮੈਂਬਰਾਂ ਬੱਚਿਆਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਆਕਸਫੋਰਡ ਸਕੂਲ ਤੋਂ ਚੱਲ ਕੇ ਇਹ ਯਾਤਰਾ ਸ਼ਹੀਦ ਭਗਤ ਸਿੰਘ ਗਰੁੱਪ ਆਫ ਕਾਲਜ ਵਿੱਚ ਆ ਕੇ ਸਮਾਪਤ ਹੋਈ। ਇਸ ਮੌਕੇ ਰਾਜਪਾਲ ਪੰਜਾਬ ਦੇ ਪ੍ਰਿੰਸੀਪਲ ਸੈਕਟਰੀ ਵਿਵੇਕ ਪ੍ਰਤਾਪ ਸਿੰਘ, ਅੰਤਰਰਾਸ਼ਟਰੀ ਅਥਲੀਟ ਬਹਾਦਰ ਸਿੰਘ, ਅੰਤਰਰਾਸ਼ਟਰੀ ਹਾਕੀ ਖਿਡਾਰੀ ਬਲਜੀਤ ਸਿੰਘ, ਰੋਇੰਗ ਖਿਡਾਰੀ ਚੰਦਨਦੀਪ ਸਿੰਘ, ਡੀਆਈਜੀ ਸਤਿੰਦਰ ਸਿੰਘ, ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਜਿਲਾ ਪੁਲਿਸ ਮੁਖੀ ਮਨਿੰਦਰ ਸਿੰਘ, ਰੈਡ ਕ੍ਰਾਸ ਦੇ ਸਟੇਟ ਸੈਕਟਰੀ ਸ਼ਿਵਦਲਾਰ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ ਅਮਿਤ ਸਰੀਨ, ਐਸਡੀਐਮ ਰਵਿੰਦਰ ਸਿੰਘ ਅਰੋੜਾ, ਸਹਾਇਕ ਕਮਿਸ਼ਨਰ ਗੁਰ ਸਿਮਰਨ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਕਾਰੀ ਹਾਜ਼ਰ ਸਨ।

# ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਬੱਘੀਖਾਨਾ ਖਾਨਾ ਵਿੱਖੇ ਮੁਫ਼ਤ ਕਾਨੂੰਨੀ ਸੇਵਾਵਾਂ ਜਾਗਰੂਕਤਾ ਸੈਮੀਨਾਰ ਕਰਵਾਇਆ

ਪਟਿਆਲਾ(ਲੋਕ ਬਾਣੀ)

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਰਪ੍ਰਸਤੀ ਅਤੇ ਮਾਣਯੋਗ ਦੀਪਤੀ ਗੋਇਲ ਚੀਫ਼ ਜੁਡੀਸ਼ਅਲ ਮੈਜਿਸਟਰੇਟ ਕਮ ਸੈਕਟਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵਲੋਂ ਸਿੱਖਿਆ ਵਿਭਾਗ, ਟ੍ਰੈਫਿਕ ਐਜੂਕੇਸ਼ਨ ਸੈਲ ਪਟਿਆਲਾ, ਜ਼ਿਲ੍ਹਾ ਸਾਂਝ ਕੇਂਦਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇੱਕ ਮੁਫ਼ਤ ਕਾਨੂੰਨੀ ਸੇਵਾਵਾਂ ਜਾਗਰੂਕਤਾ ਸੈਮੀਨਾਰ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਬੱਘੀਖਾਨਾ ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ।

ਸੈਮੀਨਾਰ ਵਿੱਚ ਉੱਘੇ ਸਮਾਜਸੇਵੀ ਤੇ ਮੋਟੀਵੇਸਨਲ ਸਪੀਕਰ ਭਗਵਾਨ ਦਾਸ ਗੁਪਤਾ, ਪੈਰਾ ਲੀਗਲ ਵਲੰਟੀਅਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵਲੋਂ ਅਧਿਆਪਕਾਂ, ਵਿਦਿਆਰਥੀਆਂ, ਮਾਪਿਆਂ ਪ੍ਰਬੰਧਕ ਕਮੇਟੀ ਮੈਂਬਰਾਂ ਤੇ ਮਿਡ - ਡੇ ਮੀਲ ਵਰਕਰਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ, ਲੋਕ ਅਦਾਲਤਾਂ ਦੇ ਲਾਭ ਬਾਰੇ ਦੱਸਿਆ।

ਪੈਰਾ ਲੀਗਲ ਵਲੰਟੀਅਰ ਤੇ ਮੋਟੀਵੇਸ਼ਨਲ ਸਪੀਕਰ ਭਗਵਾਨ ਦਾਸ ਗੁਪਤਾ ਨੇ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਦਿੱਤੀਆਂ ਜਾਂਦੀਆਂ ਮੁਫ਼ਤ ਕਾਨੂੰਨੀ ਸੇਵਾਵਾਂ,ਤਿੰਨ ਨਵੇਂ ਕਨੂੰਨਾਂ, ਪੰਜਾਬ ਪੀੜਤ ਮੁਆਵਜ਼ਾ ਯੋਜਨਾ,ਜਿਨਸੀ ਹਮਲਾ ਪੀੜਤ ਮੁਆਵਜਾ, ਲੇਬਰ ਕਾਰਡ, ਪੈਨਸ਼ਨਾਂ ਆਦਿ, ਬਾਲ ਵਿਆਹ, ਪੋਕਸੋ ਐਕਟ,ਟੋਲ ਫ੍ਰੀ ਨੰਬਰ 15100 ਬਾਰੇ ਜਾਣਕਾਰੀ ਦਿੱਤੀ।

ਇਸ ਤੋਂ ਇਲਾਵਾ10 ਮਈ ਨੂੰ 2025 ਨੂੰ ਪਟਿਆਲਾ ਅਤੇ ਨਾਭਾ, ਰਾਜਪੁਰਾ, ਸਮਾਣਾ, ਸਬ ਡਵੀਜਨਾਂ ਵਿਖੇ




ਲੱਗਣ ਜਾ ਰਹੀ ਨੈਸ਼ਨਲ ਲੋਕ ਅਦਾਲਤ ਬਾਰੇ ਵੀ ਜਾਣਕਾਰੀ ਦਿੱਤੀ।

ਸਕੂਲ ਇੰਚਾਰਜ ਮੈਡਮ ਹਰਦੀਪ ਕੌਰ ਨੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ, ਆਵਾਜਾਈ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀਮਤੀ ਸੋਨੀਆ ਚੋਪੜਾ, ਸ੍ਰੀਮਤੀ ਆਸਾ ਚੋਪੜਾ, ਕਵਿਤਾ ਸਿੰਗਲਾ, ਸੁਚੇਤਾ ਮੰਗਲਾ, ਰੁਪਿੰਦਰ ਕੌਰ, ਡਿੰਪਲ ਬਾਲਾ, ਰਜਨੀਸ਼ ਗੋਇਲ ਸਮੂੰਹ ਅਧਿਆਪਕ, ਵਿਦਿਆਰਥੀ, ਮਾਪੇ ਤੇ ਮਿਡ ਡੇ ਮੀਲ ਵਰਕਰ ਹਾਜ਼ਰ ਸਨ।

# ਪੰਜਾਬ ਸਿੱਖਿਆ ਕ੍ਰਾਂਤੀ : ਵਿਧਾਇਕ ਬਲਕਾਰ ਸਿੰਘ ਵੱਲੋਂ ਤਿੰਨ ਸਰਕਾਰੀ ਸਕੂਲਾਂ 'ਚ 15.23 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ

ਕਰਤਾਰਪੁਰ/ਜਲੰਧਰ, (ਲੋਕ ਬਾਣੀ) ਸੂਬਾ ਸਰਕਾਰ ਦੀ ਪਹਿਲ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਹਲਕਾ ਵਿਧਾਇਕ ਬਲਕਾਰ ਸਿੰਘ ਨੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 15.23 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਬੇਮਿਸਾਲ ਬਦਲਾਅ ਲਿਆ ਰਹੀ ਹੈ।



ਵਿਧਾਇਕ ਵੱਲੋਂ ਅੱਜ ਜਿਨ੍ਹਾਂ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ, ਉਨ੍ਹਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਜੰਡੂਸਿੰਘਾ (ਲੜਕੇ) ਵਿਖੇ 7.51 ਲੱਖ ਦੀ ਲਾਗਤ ਨਾਲ ਨਵਾਂ ਕਲਾਸ ਰੂਮ, ਸਰਕਾਰੀ ਪ੍ਰਾਇਮਰੀ ਸਕੂਲ ਜੰਡੂਸਿੰਘਾ (ਲੜਕੀਆਂ) ਵਿਖੇ 1.68 ਦੀ ਲਾਗਤ ਨਾਲ ਟਾਇਲਟਸ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮਦਾਰ ਵਿਖੇ 6.04 ਲੱਖ ਰੁਪਏ ਦੀ ਲਾਗਤ ਨਾਲ ਚਾਰਦਿਵਾਰੀ ਤੇ ਹੋਰ ਵਿਕਾਸ ਕਾਰਜ ਸ਼ਾਮਲ ਹਨ।

ਇਸ ਮੌਕੇ ਵਿਧਾਇਕ ਬਲਕਾਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਮਿਆਰ ਦੀ ਸਿੱਖਿਆ ਦੇਣ ਲਈ ਵਚਨਬੱਧ ਹੈ ਅਤੇ ਇਸੇ ਵਚਨਬੱਧਤਾ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਆਧੁਨਿਕ ਢੰਗ ਨਾਲ ਸਿੱਖਿਆ ਮੁਹੱਈਆ ਕਰਵਾਉਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਉਪਰਾਲਿਆਂ ਸਦਕਾ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦਾ ਰੁਝਾਨ ਸਰਕਾਰੀ ਸਕੂਲਾਂ ਵੱਲ ਵਧਣ ਸਦਕਾ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਵਿੱਚ ਵੀ ਵਾਧਾ ਹੋਇਆ ਹੈ। ਉਨ੍ਹਾਂ ਇਸ ਮੌਕੇ ਅਧਿਆਪਕਾਂ ਨੂੰ ਵਿਦਿਆਰਥੀਆਂ ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਪੜ੍ਹਾਉਣ ਦੀ ਅਪੀਲ ਵੀ ਕੀਤੀ।

# ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਧੁਨਿਕ ਤਰੀਕੇ ਨਾਲ ਸਿੱਖਿਆ ਮੁਹੱਈਆ ਕਰਵਾਉਣ ਲਈ ਅਹਿਮ ਕਦਮ ਚੁੱਕੇ : ਇੰਦਰਜੀਤ ਕੌਰ ਮਾਨ

ਨਕੋਦਰ/ਜਲੰਧਰ, (ਲੋਕ ਬਾਣੀ) ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆਉਣ ਦੇ ਮੰਤਵ ਤਹਿਤ ਸ਼ੁਰੂ ਕੀਤੇ ਗਏ 'ਪੰਜਾਬ ਸਿੱਖਿਆ ਕ੍ਰਾਂਤੀ' ਪ੍ਰੋਗਰਾਮ ਤਹਿਤ ਹਲਕਾ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਅੱਜ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 13.91 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ।

ਵਿਧਾਨਸਭਾ ਹਲਕਾ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਅੱਜ 'ਪੰਜਾਬ ਸਿੱਖਿਆ ਕ੍ਰਾਂਤੀ' ਪ੍ਰੋਗਰਾਮ ਤਹਿਤ ਸਰਕਾਰੀ ਹਾਈ ਸਕੂਲ, ਆਧੀ ਵਿਖੇ 7.51 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਕਲਾਸ ਰੂਮ ਦੇ ਉਦਘਾਟਨ ਕਰਨ ਉਪਰੰਤ ਇਕ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਇਸੇ ਤਰ੍ਹਾਂ ਪੰਜਾਬ ਸਰਕਾਰ ਵਲੋਂ ਵਿਧਾਨ ਸਭਾ ਹਲਕਾ ਨਕੋਦਰ ਦੇ ਸਰਕਾਰੀ ਪ੍ਰਾਇਮਰੀ ਸਕੂਲ ਰਹੀਮਪੁਰ ਵਿਖੇ ਚਾਰਦਿਵਾਰੀ, ਕਲਾਸ ਰੂਮਾਂ ਦੀ ਮੁਰੰਮਤ, ਸਰਕਾਰੀ ਪ੍ਰਾਇਮਰੀ ਸਕੂਲ ਸ਼ਾਹਪੁਰ ਪੰਡੋਰੀ ਵਿਖੇ ਚਾਰਦਿਵਾਰੀ ਦੇ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਸੂਬੇ ਵਿੱਚ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਤਰੀਕੇ ਨਾਲ ਸਿੱਖਿਆ ਮੁਹੱਈਆ ਕਰਵਾਉਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਵਿਦਿਆਰਥੀਆਂ ਨੂੰ ਆਧੁਨਿਕ ਸਮੇਂ ਦਾ ਹਾਣੀ ਬਣਾਇਆ ਜਾ ਸਕੇ।

ਵਿਧਾਇਕ ਇੰਦਰਜੀਤ ਕੌਰ ਮਾਨ ਨੇ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵਲੋਂ 'ਸਿੱਖਿਆ ਕ੍ਰਾਂਤੀ' ਪ੍ਰੋਗਰਾਮ ਤਹਿਤ ਸਰਕਾਰੀ ਸਕੂਲਾਂ ਨੂੰ ਸਾਰੀਆਂ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ ਜਿਸ ਵਿੱਚ ਨਵੀਆਂ ਤਕਨੀਕਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਨਵੇਂ ਕਮਰਿਆਂ ਦੀ ਉਸਾਰੀ, ਕਲਾਸ ਰੂਮਾਂ ਤੇ ਪਖ਼ਾਨਿਆਂ ਦੀ ਮੁਰੰਮਤ, ਨਵੇਂ ਪਖ਼ਾਨਿਆਂ ਤੇ ਚਾਰਦੀਵਾਰੀ ਦੀ ਉਸਾਰੀ, ਹਾਈ ਸਪੀਡ ਇੰਟਰਨੈਟ, ਡੈਸਕ ਤੇ ਕੁਰਸੀਆਂ ਆਦਿ ਸ਼ਾਮਿਲ ਹਨ। ਇਸ ਮੌਕੇ ਉਨ੍ਹਾਂ ਅਧਿਆਪਕਾਂ ਨੂੰ ਵੀ ਅਪੀਲ ਕੀਤੀ ਕਿ ਵਿਦਿਆਰਥੀਆਂ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਪੜ੍ਹਾਈ ਕਰਨ ਵੱਲ ਪ੍ਰੇਰਿਤ ਕਰਨ ਤਾਂ ਜੋ ਇਹ ਵਿਦਿਆਰਥੀ ਦੇਸ਼ ਦੇ ਸਮਾਜਿਕ ਦੇ ਆਰਥਿਕ ਵਿਕਾਸ ਵਿੱਚ ਵੱਡਮੁੱਲਾ ਯੋਗਦਾਨ ਪਾ ਸਕਣ।

ਇਸ ਮੌਕੇ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਕਰਵਾਏ ਜਾ ਰਹੇ ਪ੍ਰੋਗਰਾਮ ਵਿੱਚ ਸ਼ਿਰਕਤ ਕਰਦਿਆਂ ਲੋਕਾਂ ਨੇ ਪੰਜਾਬ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕਾਂ ਰਾਹੀਂ ਮਿਆਰੀ ਸਿੱਖਿਆ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।

# ਪੰਜਾਬ ਸਿੱਖਿਆ ਕ੍ਰਾਂਤੀ : ਵਿਧਾਇਕ ਰਮਨ ਅਰੋੜਾ ਨੇ ਸਰਕਾਰੀ ਸਕੂਲਾਂ 'ਚ 29.77 ਲੱਖ ਦੀ ਲਾਗਤ ਵਾਲੇ ਵਿਕਾਸ ਕਾਰਜ ਕੀਤੇ ਸਮਰਪਿਤ




ਜਲੰਧਰ, (ਲੋਕ ਬਾਣੀ): ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ 'ਪੰਜਾਬ ਸਿੱਖਿਆ ਕ੍ਰਾਂਤੀ' ਪ੍ਰੋਗਰਾਮ ਤਹਿਤ ਜਲੰਧਰ ਕੇਂਦਰੀ ਤੋਂ ਵਿਧਾਇਕ ਰਮਨ ਅਰੋੜਾ ਨੇ ਅੱਜ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 29.77 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ।

ਇਨ੍ਹਾਂ ਵਿਕਾਸ ਕਾਰਜਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਰੈਣਕ ਬਾਜ਼ਾਰ ਵਿਖੇ 15.52 ਲੱਖ ਰੁਪਏ ਦੀ ਲਾਗਤ ਵਾਲੇ 2 ਨਵੇਂ ਕਲਾਸ ਰੂਮ, ਸਰਕਾਰੀ ਪ੍ਰਾਇਮਰੀ ਸਕੂਲ ਲਾਡੋਵਾਲੀ ਰੋਡ ਵਿਖੇ 3.57 ਲੱਖ ਰੁਪਏ ਨਾਲ ਕਲਾਸ ਰੂਮਜ਼ ਦੀ ਮੁਰੰਮਤ, ਸਰਕਾਰੀ ਪ੍ਰਾਇਮਰੀ ਸਕੂਲ ਕਾਕੀ ਪਿੰਡ ਵਿਖੇ 1.99 ਲੱਖ ਨਾਲ ਚਾਰਦਿਵਾਰੀ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਹਿਰੂ ਗਾਰਡਨ ਵਿਖੇ 8.69 ਲੱਖ ਦੀ ਲਾਗਤ ਨਾਲ ਟਾਇਲਟ ਬਲਾਕ ਤੇ ਹੋਰ ਵਿਕਾਸ ਕਾਰਜ ਸ਼ਾਮਲ ਹਨ।

ਆਪਣੇ ਸੰਬੋਧਨ ਵਿੱਚ ਵਿਧਾਇਕ ਰਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਆਧੁਨਿਕਤਾ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਇੱਕ ਸਿਰਫ਼ ਪ੍ਰੋਗਰਾਮ ਨਹੀਂ, ਸਗੋਂ ਨਵੀਂ ਪੀੜ੍ਹੀ ਲਈ ਸੁਨਹਿਰੀ ਭਵਿੱਖ ਦੀ ਨੀਂਹ ਰੱਖਣ ਵਾਲੀ ਪਹਿਲਕਦਮੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਆਧੁਨਿਕ ਬੁਨਿਆਦੀ ਢਾਂਚੇ ਨਾਲ ਲੈਸ ਕੀਤਾ ਜਾ ਰਿਹਾ ਹੈ, ਜਿਸ ਵਿੱਚ ਪੀਣ ਯੋਗ ਪਾਣੀ, ਹਾਈ-ਸਪੀਡ ਵਾਈਫਾਈ ਕੁਨੈਕਸ਼ਨ, ਲੜਕੀਆਂ ਅਤੇ ਲੜਕਿਆਂ ਲਈ ਵੱਖ-ਵੱਖ ਪਖਾਨੇ, ਡੈਸਕ ਤੇ ਕੁਰਸੀਆਂ, ਚਾਰਦਿਵਾਰੀ ਅਤੇ ਸੁਰੱਖਿਆ ਦੀਆਂ ਹੋਰ ਸਹੂਲਤਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਨਮੂਨੇ ਦਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।

ਸ਼੍ਰੀ ਅਰੋੜਾ ਨੇ ਇਸ ਮੌਕੇ ਅਧਿਆਪਕਾਂ ਨੂੰ ਵਿਦਿਆਰਥੀਆਂ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਪੜ੍ਹਾਉਣ ਦੀ ਅਪੀਲ ਵੀ ਕੀਤੀ।

# ਜ਼ਿਲ੍ਹੇ 'ਚ ਪਾਲਤੂ ਜਾਨਵਰਾਂ ਦੇ ਵਪਾਰ ਲਈ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰੇਸ਼ਨ ਕਰਵਾਉਣਾ ਲਾਜ਼ਮੀ : ਡਿਪਟੀ ਡਾਇਰੈਕਟਰ*

ਜਲੰਧਰ, (ਲੋਕ ਬਾਣੀ) ਪਾਲਤੂ ਜਾਨਵਰਾਂ ਦੀ ਭਲਾਈ ਅਤੇ ਵਪਾਰ ਨੂੰ ਨਿਯਮਤ ਕਰਨ ਵੱਲ ਇਕ ਵਿਸ਼ੇਸ਼ ਕਦਮ ਪੁੱਟਦਿਆਂ ਕੁੱਤੇ ਪਾਲਕਾਂ ਦੇ ਨਾਲ-ਨਾਲ ਕੁੱਤਿਆਂ, ਬਿੱਲੀਆਂ ਅਤੇ ਪੰਛੀਆਂ ਦਾ ਵਪਾਰ ਕਰਨ ਵਾਲੇ ਦੁਕਾਨਦਾਰਾਂ ਦੀ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰੇਸ਼ਨ ਨੂੰ ਲਾਜ਼ਮੀ ਕੀਤਾ ਗਿਆ ਹੈ। ਇਸ ਦਾ ਮੁੱਖ ਮੰਤਵ ਅਨੈਤਿਕ ਤਰੀਕੇ ਨਾਲ ਜਾਨਵਰਾਂ ਦੇ ਪ੍ਰਜਣਨ ਅਤੇ ਵਪਾਰਕਿ ਅਦਾਰਿਆਂ ਵਿੱਚ ਜਾਨਵਰਾਂ ਨਾਲ ਦੁਰਵਿਹਾਰ ਨੂੰ ਰੋਕਣਾ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਜਲੰਧਰ ਡਾ. ਹਰੁਨ ਸਿੰਘ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵਲੋਂ ਜਾਰੀ ਹਦਾਇਤਾਂ ਅਨੁਸਾਰ ਪਾਲਤੂ ਜਾਨਵਰਾਂ ਦੇ ਵਪਾਰ ਨਾਲ ਸਬੰਧਿਤ ਵਿਅਕਤੀਆਂ ਦਾ ਪੰਜਾਬ ਰਾਜ ਐਨੀਮਲ ਵੈਲਫੇਅਰ ਬੋਰਡ ਪਾਸ ਰਜਿਸਟਰ ਹੋਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵਲੋਂ ਰਜਿਸਟਰੇਸ਼ਨ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਪਸ਼ੂ ਪਾਲਣ ਅਫ਼ਸਰਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਫੀਲਡ ਵਿੱਚ ਪਾਲਤੂ ਜਾਨਵਰਾਂ ਦੇ ਦੁਕਾਨਦਾਰਾਂ ਅਤੇ ਬਰੀਡਰਾਂ ਨਾਲ ਤਾਲਮੇਲ ਰੱਖਣ ਨੂੰ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਸਰਕਾਰ ਵਲੋਂ ਜ਼ਿਲ੍ਹਾ ਅਤੇ ਤਹਿਸੀਲ ਪੱਧਰ 'ਤੇ ਪਸ਼ੂ ਭਲਾਈ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਮੇਟੀਆਂ ਵਿੱਚ ਪਸ਼ੂ ਪਾਲਣ ਵਿਭਾਗ ਦਾ ਅਫ਼ਸਰ, ਪੁਲਿਸ, ਜੰਗਲਾਤ, ਜੰਗਲੀ ਜੀਵ ਸੁਰੱਖਿਆ ਵਿਭਾਗ, ਸਥਾਨਕ ਸਰਕਾਰਾਂ ਅਤੇ ਐਸ.ਪੀ.ਸੀ.ਏ. ਦਾ ਪ੍ਰਾਈਵੇਟ ਮੈਂਬਰ ਸ਼ਾਮਿਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਮੇਟੀਆਂ ਨੂੰ ਜਾਨਵਰਾਂ ਪ੍ਰਤੀ ਹੋਈ ਬੇਰਹਿਮੀ ਦੀ ਸ਼ਿਕਾਇਤ ਦੀ ਜਾਂਚ ਕਰਨ ਅਤੇ ਢੁੱਕਵੀਂ ਕਾਰਵਾਈ ਕਰਨ ਲਈ ਸਮਰੱਥ ਬਣਾਇਆ ਗਿਆ ਹੈ, ਤਾਂ ਜੋ ਪੰਜਾਬ ਭਰ ਵਿੱਚ ਜਾਨਵਰਾਂ ਦੀ ਭਲਾਈ ਪ੍ਰਤੀ ਬਣੇ ਐਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇ।

ਉਨ੍ਹਾਂ ਨੇ ਜ਼ਿਲ੍ਹਾ ਜਲੰਧਰ ਦੇ ਪਾਲਤੂ ਜਾਨਵਰਾਂ ਦੇ ਦੁਕਾਨਦਰਾਂ ਅਤੇ ਕੁੱਤੇ ਦੇ ਬਰੀਡਰਾਂ ਨੂੰ ਅਪੀਲ ਕੀਤੀ ਕਿ ਰਜਿਸਟਰੇਸ਼ਨ ਨੂੰ ਤੁਰੰਤ ਮੁਕੰਮਲ ਕੀਤਾ ਜਾਵੇ, ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਤੋਂ ਬਚਿਆ ਜਾ ਸਕੇ।

# ਐਮੇਚਿਓਰ ਕਰਾਟੇ ਐਸੋਸੀਏਸ਼ਨ ਚੰਡੀਗੜ੍ਹ ਨੇ ਡਾ. ਵਿਨੋਦ ਸ਼ਰਮਾ ਨੂੰ ਸਨਮਾਨਿਤ ਕੀਤਾ



ਚੰਡੀਗੜ੍ਹ। (ਲੋਕ ਬਾਣੀ) ਐਮੇਚਿਓਰ ਕਰਾਟੇ ਐਸੋਸੀਏਸ਼ਨ ਚੰਡੀਗੜ੍ਹ ਨੇ ਡਾ. ਵਿਨੋਦ ਸ਼ਰਮਾ ਨੂੰ ਸਨਮਾਨਿਤ ਕੀਤਾ। ਇਹ ਸਨਮਾਨ 33ਵੀਂ ਚੰਡੀਗੜ੍ਹ ਸਟੇਟ ਕਰਾਟੇ ਚੈਂਪੀਅਨਸ਼ਿਪ 2024-25 ਦੇ ਮੌਕੇ ਤੇ ਦਿੱਤਾ ਗਿਆ।

ਇਹ ਇਨਾਮ ਐਮੇਚਿਓਰ ਕਰਾਟੇ ਐਸੋਸੀਏਸ਼ਨ ਚੰਡੀਗੜ੍ਹ ਦੇ ਜਨਰਲ ਸਕੱਤਰ ਮਨਸਾਰਾਮ ਮੌਰਿਆ ਨੇ ਵਰਿੰਦਰ ਅਤੇ ਅਸ਼ਵਨੀ ਕੁਮਾਰ ਦੀ ਮੌਜੂਦਗੀ ਵਿੱਚ ਦਿੱਤਾ। ਇਹ ਚੈਂਪੀਅਨਸ਼ਿਪ ਸਪੋਰਟਸ ਕੰਪਲੈਕਸ ਸੈਕਟਰ 56 ਚੰਡੀਗੜ੍ਹ ਵਿਖੇ ਆਯੋਜਿਤ ਕੀਤੀ ਗਈ ਸੀ। ਇਹ ਐਸੋਸੀਏਸ਼ਨ ਚੰਡੀਗੜ੍ਹ ਓਲੰਪਿਕ ਐਸੋਸੀਏਸ਼ਨ ਨਾਲ ਸੰਬੰਧਿਤ ਹੈ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਡਾ. ਵਿਨੋਦ ਸ਼ਰਮਾ ਐਮੇਚਿਓਰ ਕਰਾਟੇ ਐਸੋਸੀਏਸ਼ਨ ਚੰਡੀਗੜ੍ਹ ਦੇ ਪ੍ਰਧਾਨ ਵੀ ਹਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
64 YEARS EDUCATIONAL EXCELLENCE
MORE THAN
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PERSONAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
www.stsoldiergroup.com